ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 14 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੯ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## 18 ਟਰੈਵਲ ਏਜੰਟਾਂ ਤੇ 43 ਏਜੰਸੀਆਂ 'ਤੇ ਕਾਰਵਾਈ

**ਚੰਡੀਗੜ੍ਹ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੇ ਗੈ.ਰ-ਕਾਨੂੰਨੀ ਟਰੈਵਲ ਏਜੰਸੀਆਂ ਖ਼ਿਲਾਫ਼ ਵੱਡੀ ਕਾਰਵਾਈ ਕੀਤੀ ਹੈ। 18 ਟਰੈਵਲ ਏਜੰਟਾਂ ਖ਼ਿਲਾਫ਼ ਐਫਆਈਆਰ ਦਰਜ ਕੀਤੀ ਗਈ ਹੈ। ਉਕਤ ਏਜੰਸੀਆਂ ਸੋਸ਼ਲ ਮੀਡੀਆ 'ਤੇ ਵਿਦੇਸ਼ਾਂ 'ਚ ਨੌਕਰੀਆਂ ਦੇ ਫਰਜ਼ੀ ਇਸ਼ਿਤਹਾਰ ਦੇ ਕੇ ਲੋਕਾਂ ਨੂੰ ਠੱਗਦੀਆਂ ਸਨ।ਡੀਜੀਪੀ ਪ੍ਰਵੀਨ ਕੁਮਾਰ ਨੇ ਦੱਸਿਆ ਕਿ ਹੁਣ ਤੱਕ ਕੁੱਲ 43 ਟਰੈਵਲ ਏਜੰਸੀਆਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ, ਜੋ ਕਿ ਬਿਨਾਂ ਲੋੜੀਂਦੇ ਲਾਇਸੈਂਸ ਤੋਂ ਸੋਸ਼ਲ ਮੀਡੀਆ ਦੀ ਵਰਤੋਂ ਕਰਕੇ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਨੌਕਰੀ ਦਾ ਲਾਲਚ ਦੇ ਰਹੇ ਸਨ। ਪੁਲਿਸ ਵੱਲੋਂ ਇਨ੍ਹਾਂ ਸ਼ਾਤਿਰ ਅਪਰਾਧੀਆਂ ਤੱਕ ਪਹੁੰਚਣ ਲਈ ਆਨਲਾਈਨ ਪਲੇਟਫਾਰਮਾਂ ਦੀ ਜਾਂਚ ਕੀਤੀ ਗਈ।ਉਨ੍ਹਾਂ ਦੇ ਦਸਤਾਵੇਜ਼ਾਂ ਦੀ ਗੁਪਤ ਜਾਂਚ ਕੀਤੀ ਗਈ। ਇਸ ਤੋਂ ਬਾਅਦ ਉਨ੍ਹਾਂ ਖਿਲਾਫ ਐੱਫ.ਆਈ.ਆਰ. ਦਰਜ ਕੀਤੀ ਗਈ। ਸੂਬੇ ਦੇ ਵੱਖ-ਵੱਖ ਥਾਣਿਆਂ ਵਿੱਚ ਇਮੀਗ੍ਰੇਸ਼ਨ ਐਕਟ ਦੀ ਧਾਰਾ 24/25 ਤਹਿਤ ਕੁੱਲ 18 ਨਵੀਆਂ ਐਫਆਈਆਰ ਦਰਜ ਕੀਤੀਆਂ ਗਈਆਂ ਹਨ। ਇਨ੍ਹਾਂ ਫਰਜ਼ੀ ਏਜੰਟਾਂ ਵਿੱਚ ਅੰਮ੍ਰਿਤਸਰ, ਮੁਹਾਲੀ, ਲੁਧਿਆਣਾ ਅਤੇ ਪਟਿਆਲਾ ਜ਼ਿਲ੍ਹੇ ਸ਼ਾਮਲ ਹਨ। 18 ਨਵੀਆਂ ਐਫਆਈਆਰਜ਼ ਵਿੱਚੋਂ 6 ਐਫਆਈਆਰ ਸਤੰਬਰ ਮਹੀਨੇ ਤੇ 12 ਅਕਤੂਬਰ ਵਿੱਚ ਦਰਜ ਕੀਤੀਆਂ ਗਈਆਂ ਹਨ। ਪੁਲਿਸ ਵੱਲੋਂ ਜਿਨ੍ਹਾਂ ਕੰਪਨੀਆਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ, ਉਨ੍ਹਾਂ ਵਿੱਚ ਵਨ ਪੁਆਇੰਟ ਸਰਵਿਸਿਜ਼ ਸੈਕਟਰ-115 ਖਰੜ, ਸਾਈ ਏਂਜਲ ਗਰੁੱਪ ਸੈਕਟਰ-78 ਮੁਹਾਲੀ, ਭਾਰਤ ਇਮੀਗ੍ਰੇਸ਼ਨ ਅਮਲੋਹ ਨੇੜੇ ਸੇਵਕ ਪੈਟਰੋਲ ਪੰਪ ਫਤਹਿਗੜ੍ਹ ਸਾਹਿਬ ਆਦਿ ਸ਼ਾਮਲ ਹਨ।

## ਬਿਸ਼ਨੋਈ ਗੈਂਗ ਨੇ ਸੋਸ਼ਲ ਮੀਡੀਆ 'ਤੇ ਲਈ ਜ਼ਿੰਮੇਵਾਰੀ

# ਐਨ.ਸੀ.ਪੀ. ਨੇਤਾ ਬਾਬਾ ਸਿੱਦਕੀ ਦਾ ਗੋਲੀਆਂ ਮਾਰ ਕੀਤਾ ਗਿਆ ਕਤਲ

**ਮੁੰਬਈ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਦੇ ਐਨ. ਸੀ. ਪੀ. ਨੇਤਾ ਬਾਬਾ ਸਿੱਦਕੀ ਦੀ ਮੁੰਬਈ 'ਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਸਿੱਦਕੀ ਨੂੰ ਬਾਂਦਰਾ ਈਸਟ, ਮੁੰਬਈ ਵਿੱਚ ਗੋਲੀ ਮਾਰੀ ਗਈ ਸੀ। ਉਨ੍ਹਾਂ ਨੂੰ ਤੁਰੰਤ



ਲੀਲਾਵਤੀ ਹਸਪਤਾਲ ਲਿਜਾਇਆ ਗਿਆ ਜਿੱਥੇ ਉਨ੍ਹਾਂ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਬਾਬਾ ਸਿੱਦਕੀ 'ਤੇ ਦੋ ਤੋਂ ਤਿੰਨ ਰਾਊਂਡ ਫਾਇਰ ਕੀਤੇ ਗਏ, ਜਿਸ 'ਚ ਇਕ ਗੋਲੀ ਉਨ੍ਹਾਂ ਦੀ ਛਾਤੀ 'ਚ ਲੱਗੀ ਲ਼ੋਕ ਸਭਾ ਚੋਣਾਂ ਤੋਂ ਠੀਕ ਪਹਿਲਾਂ ਬਾਬਾ ਸਿੱਦਕੀ ਕਾਂਗਰਸ ਛੱਡ ਕੇ ਐਨ.ਸੀ.ਪੀ. ਦੇ ਅਜੀਤ ਧੜੇ ਵਿੱਚ ਸ਼ਾਮਲ ਹੋ ਗਏ ਸਨ। ਉਹ ਤਿੰਨ ਵਾਰ ਕਾਂਗਰਸ ਤੋਂ ਵਿਧਾਇਕ ਵੀ ਰਹਿ ਚੁੱਕੇ ਹਨ ਅਤੇ ਬਾਂਦਰਾ ਪੱਛਮੀ ਤੋਂ ਮੰਤਰੀ ਵੀ ਰਹਿ ਚੁੱਕੇ ਹਨ। ਕਾਂਗਰਸ 'ਚ ਫੁੱਟ ਤੋਂ ਬਾਅਦ ਉਹ ਫਰਵਰੀ 'ਚ ਐਨ.ਸੀ.ਪੀ. 'ਚ ਸ਼ਾਮਲ ਹੋ ਗਏ ਸਨ। ਹੁਣ ਕੁਝ ਮਹੀਨਿਆਂ ਬਾਅਦ ਹੀ ਉਨ੍ਹਾਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਹੈ। ਮੁੰਬਈ ਵਿੱਚ ਐਨਸੀਪੀ ਆਗੂ ਅਤੇ

## 4 ਕਾਤਲਾਂ 'ਚੋਂ ਇੱਕ ਕਾਤਲ ਜਲੰਧਰ ਦਾ

ਸਾਬਕਾ ਮੰਤਰੀ ਬਾਬਾ ਸਿੱਦੀਕੀ ਦੇ ਕਤਲ ਵਿੱਚ ਸ਼ਾਮਲ ਚੌਥਾ ਮੁਲਜ਼ਮ ਪੰਜਾਬ ਦਾ ਨਿਕਲਿਆ ਹੈ। ਇਹ ਮੁਲਜ਼ਮ ਮੁਹੰਮਦ ਜ਼ੀਸ਼ਾਨ ਅਖਤਰ ਹੈ। ਉਹ ਜਲੰਧਰ ਦੇ ਨਕੋਦਰ ਦੇ ਪਿੰਡ ਸ਼ੰਕਰ ਦਾ ਰਹਿਣ ਵਾਲਾ ਹੈ। ਜਲੰਧਰ ਦਿਹਾਤੀ ਪੁਲਿਸ ਨੇ ਉਸ ਨੂੰ ਸਾਲ 2022 ਵਿੱਚ ਸੰਗਠਿਤ ਅਪਰਾਧ, ਕਤਲ ਤੇ ਲੁੱਟ-ਖੋਹ ਦੇ ਇੱਕ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਸੀ। ਬਾਬਾ ਸਿੱਦੀਕੀ ਦਾ ਕਤਲ 3 ਸ਼ੂਟਰਾਂ ਨੇ ਕੀਤਾ ਸੀ। ਇਨ੍ਹਾਂ ਵਿੱਚੋਂ ਗੁਰਮੇਲ ਸਿੰਘ ਹਰਿਆਣਾ ਦੇ ਕੈਥਲ ਜ਼ਿਲ੍ਹੇ ਦੇ ਪਿੰਡ ਨਰਾੜ ਦਾ ਰਹਿਣ ਵਾਲਾ ਹੈ। ਬਾਕੀ 2 ਸ਼ੂਟਰ ਉੱਤਰ ਪ੍ਰਦੇਸ਼ ਦੇ ਬਹਿਰਾਇਚ ਜ਼ਿਲ੍ਹੇ ਦੇ ਰਹਿਣ ਵਾਲੇ ਹਨ। ਇਨ੍ਹਾਂ ਵਿੱਚੋਂ ਹਰਿਆਣਾ ਦੇ ਰਹਿਣ ਵਾਲੇ ਗੁਰਮੇਲ ਅਤੇ ਦੂਜੇ ਸ਼ੂਟਰ ਧਰਮਰਾਜ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਤੀਜਾ ਸ਼ੂਟਰ ਸ਼ਿਵਕੁਮਾਰ ਅਜੇ ਫਰਾਰ ਹੈ। ਪੁਲਿਸ ਮੁਤਾਬਕ ਮੁਹੰਮਦ ਜ਼ੀਸ਼ਾਨ ਅਖਤਰ ਤਿੰਨਾਂ ਸ਼ੂਟਰਾਂ ਨੂੰ ਬਾਹਰੋਂ ਨਿਰਦੇਸ਼ ਦੇ ਰਿਹਾ ਸੀ। ਜਦੋਂ ਸਿੱਦੀਕੀ ਨੂੰ ਗੋਲੀ ਮਾਰੀ ਗਈ ਸੀ, ਉਦੋਂ ਵੀ ਅਖਤਰ ਸ਼ੂਟਰਾਂ ਨੂੰ ਲੋਕੇਸ਼ਨ ਬਾਰੇ ਜਾਣਕਾਰੀ ਦੇ ਰਿਹਾ ਸੀ। ਇਸ ਤੋਂ ਇਲਾਵਾ ਅਖਤਰ ਨੇ ਉਨ੍ਹਾਂ ਲਈ ਇੱਕ ਕਮਰਾ ਕਿਰਾਏ 'ਤੇ ਲੈਣ ਸਮੇਤ ਹੋਰ ਮਾਲੀ ਸਹਾਇਤਾ ਵਿੱਚ ਵੀ ਮਦਦ ਕੀਤੀ ਸੀ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਤਲਬ

**ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਵਿਰਸਾ ਸਿੰਘ ਵਲਟੋਹਾ ਨੂੰ ਸ੍ਰੀ ਅਕਾਲ ਤਖ਼ਤ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਉਨ੍ਹਾਂ ਕਿਹਾ ਕਿ



ਵਲਟੋਹਾ 15 ਅਕਤੂਬਰ ਨੂੰ ਸਵੇਰੇ 9 ਵਜੇ ਸਬੂਤ ਲੈ ਕੇ ਪੇਸ਼ ਹੋਣਗੇ। ਜਾਣਕਾਰੀ ਮੁਤਾਬਕ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਅੱਜ



ਵਿਰਸਾ ਸਿੰਘ ਵਲਟੋਹਾ ਨੂੰ ਮੀਡੀਆ ਰਾਹੀਂ ਜਥੇਦਾਰ ਸਾਹਿਬਾਨ ਬਾਰੇ ਜਨਤਕ ਰੂਪ ਵਿਚ ਬੀਜੇਪੀ/ ਆਰ.ਐੱਸ.ਐੱਸ. ਵੱਲੋਂ ਸੁਖਬੀਰ ਸਿੰਘ ਬਾਦਲ ਵਿਰੁੱਧ ਫੈਸਲਾ ਕਰਨ ਲਈ ਦਬਾਅ ਪਾਉਣ ਦੇ ਲਾਏ ਗਏ ਇਲਜ਼ਾਮਾਂ ਸਬੰਧੀ ਸਬੂਤ ਮੰਗੇ ਹਨ। ਇਸ ਸੰਬੰਧੀ ਜਥੇਦਾਰ ਵੱਲੋਂ ਵਲਟੋਹਾ ਨੂੰ ਮਿਤੀ 15/10/24 ਨੂੰ ਸਵੇਰੇ 9 ਵਜੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਪੇਸ਼ ਹੋਣ ਦਾ ਆਦੇਸ਼ ਕੀਤਾ ਹੈ। ਸਿੰਘ ਸਾਹਿਬ ਨੇ ਵਲਟੋਹਾ ਨੂੰ ਭੇਜੇ ਲਿਖਤੀ ਆਦੇਸ਼ ਵਿਚ ਇਹ ਵੀ ਆਖਿਆ ਕਿ ਜੇਕਰ ਉਹ ਸਮੇਂ ਸਿਰ ਪੇਸ਼ ਨਹੀਂ ਹੋਏ ਤਾਂ ਇਹ ਮੰਨਿਆ ਜਾਵੇਗਾ ਕਿ ਵਲਟੋਹਾ ਜਥੇਦਾਰ ਸਾਹਿਬਾਨ 'ਤੇ ਦਬਾਅ ਪਾਉਣ ਲਈ ਜਥੇਦਾਰ ਸਾਹਿਬਾਨ ਦੀ ਕਿਰਦਾਰਕੁਸ਼ੀ ਕਰਨ ਦਾ ਯਤਨ ਕਰ ਰਹੇ ਹਨ।

## ਕਿਸਾਨਾਂ ਦਾ ਧਰਨਾ ਖ਼ਤਮ, ਸੰਯੁਕਤ ਕਿਸਾਨ ਮੋਰਚਾ ਕੱਲ੍ਹ ਨੂੰ ਲਵੇਗਾ ਵੱਡਾ ਫੈਸਲਾ



**ਸਮਰਾਲਾ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਹਿਲੀ ਅਕਤੂਬਰ ਤੋਂ ਝੋਨੇ ਦੀ ਸਰਕਾਰੀ ਖਰੀਦ ਦੇ ਐਲਾਨ ਦੇ ਬਾਵਜੂਦ ਵੀ ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਖ਼ਰੀਦ ਨੂੰ ਲੈ ਕੇ ਬਣੇ ਹੋਏ ਅੱੜਿਕੇ ਕਾਰਨ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਜ ਐਤਵਾਰ ਨੂੰ ਸੂਬੇ ਭਰ ਵਿਚ ਕਿਸਾਨਾਂ, ਆੜ੍ਹਤੀਆਂ ਅਤੇ ਸ਼ੈਲਰ ਮਾਲਕਾਂ ਨੇ ਸਮੁੱਚੇ ਪ੍ਰਮੁੱਖ ਹਾਈਵੇ ਅਤੇ ਰੇਲ ਮਾਰਗ ਜਾਮ ਕਰਦੇ ਹੋਏ ਸਰਕਾਰ ਖਿਲਾਫ਼ ਵੱਡੇ ਸੰਘਰਸ਼ ਦਾ ਐਲਾਨ ਕਰ ਦਿੱਤਾ ਹੈ। ਝੋਨੇ ਦੀ ਖਰੀਦ ਸ਼ੁਰੂ ਕਰਵਾਉਣ ਦੀ ਮੰਗ ਨੂੰ ਲੈ ਕੇ ਤਿੰਨ ਘੰਟੇ ਲਈ ਸੂਬੇ ਭਰ ਵਿਚ ਸੜ੍ਹਕਾਂ ਅਤੇ ਰੇਲ ਪੱਟੜੀਆਂ ਜਾਮ ਕਰਨ ਦੀ ਸ਼ੁਰੂਆਤ ਸਮਰਾਲਾ ਵਿਖੇ ਕਿਸਾਨ ਮੋਰਚੇ ਦੇ ਆਗੂ ਬਲਬੀਰ ਸਿੰਘ ਰਾਜੇਵਾਲ ਦੀ ਅਗਵਾਈ ਹੇਠ ਕੀਤੀ ਗਈ। ਇਸ ਮੌਕੇ ਹਜ਼ਾਰਾਂ ਦੀ ਗਿਣਤੀ 'ਚ ਇੱਕਤਰ ਹੋਏ ਕਿਸਾਨਾਂ ਅਤੇ ਵੱਖ-ਵੱਖ ਮੰਡੀਆਂ ਦੇ ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਵੱਲੋਂ ਸਮਰਾਲਾ ਬਾਈਪਾਸ ਵਿਖੇ ਲੁਧਿਆਣਾ-ਚੰਡੀਗੜ ਹਾਈਵੇ ਮੁਕੰਮਲ ਤੌਰ 'ਤੇ ਬੰਦ ਕਰ ਦਿੱਤਾ ਗਿਆ। ਰਾਜੇਵਾਲ ਨੇ ਪੰਜਾਬ 'ਚ ਝੋਨੇ ਦੀ ਖਰੀਦ ਨੂੰ ਲੈ ਕੇ ਬਣੀ ਸਥਿਤੀ ਲਈ ਕੇਂਦਰ ਸਰਕਾਰ ਦੀ ਬੇਈਮਾਨੀ ਭਰੀ ਨੀਅਤ ਨਾਲ ਕੰਮ ਕਰਦੇ ਹੋਏ ਸੂਬੇ ਨੂੰ ਆਰਥਿਕ ਤੌਰ 'ਤੇ ਤਬਾਹ ਕਰਨ ਵਾਲੀ ਸਾਜ਼ਿਸ਼ ਕਰਾਰ ਦਿੰਦਿਆ ਕਿਹਾ ਕਿ ਸਭ ਕੁਝ ਜਾਣਬੁਝ ਕੇ ਹੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਦਾ ਸੂਬੇ ਦੇ ਸ਼ੈਲਰਾਂ 'ਚ ਪਿਆ ਚੌਲ ਇਸੇ ਲਈ ਫ਼ਸਲ ਆਉਣ ਤੋਂ ਪਹਿਲਾ ਚੁਕਵਾਇਆ ਨਹੀਂ ਗਿਆ, ਤਾਕਿ ਨਵੀਂ ਫ਼ਸਲ ਦੀ ਖ਼ਰੀਦ ਤੋਂ ਹੱਥ ਖਿੱਚਿਆ ਜਾ ਸਕੇ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ 'ਚ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਜਾਣਬੁਝ ਕੇ ਹੀ ਬਿਗੜਾਇਆ ਜਾ ਰਿਹਾ ਹੈ, ਤਾਕਿ ਸੂਬੇ ਦੇ ਕਿਸਾਨਾਂ ਨੂੰ ਤੰਗ ਕੀਤਾ ਜਾ ਸਕੇ। ਰਾਜੇਵਾਲ ਨੇ ਆਖਿਆ ਕਿ ਸੂਬੇ ਦੀਆਂ ਮੰਡੀਆਂ ਝੋਨੇ ਦੀ ਫ਼ਸਲ ਨਾਲ ਲਪਾਲਪ ਭਰੀਆਂ ਪਈਆਂ ਹਨ ਅਤੇ ਕਿਧਰੇ ਵੀ ਖ਼ਰੀਦ ਨਹੀਂ ਹੋ ਰਹੀ। ਇਸ ਵਾਰ ਸੂਬੇ 'ਚ ਕਰੀਬ 45 ਹਜ਼ਾਰ ਕਰੋੜ ਰੁਪਏ ਕੀਮਤ ਦਾ 190 ਲੱਖ ਮੀਟ੍ਰਿਕ ਟਨ ਝੋਨਾ ਆਉਣ ਦੀ ਸੰਭਾਵਨਾ ਹੈ, ਪਰ ਜਿਹੜੇ ਹਾਲਾਤ ਬਣੇ ਹੋਏ ਹਨ, ਉਸ ਨੇ ਪੰਜਾਬ ਨੂੰ ਵੱਡੇ ਸੰਕਟ ਵੱਲ ਧਕੇਲ ਦਿੱਤਾ ਹੈ।

## ਮੁੜ ਵਿਵਾਦਾਂ 'ਚ ਘਿਰਿਆ ਕੁੱਲ੍ਹੜ ਪਿੱਜ਼ਾ ਕੱਪਲ, ਲਾਈਵ ਹੋ ਕੇ ਨਿਹੰਗ ਸਿੰਘ ਨੇ ਫਿਰ ਦਿੱਤੀ ਧਮਕੀ




**ਜਲੰਧਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦਾ ਮਸ਼ਹੂਰ ਕੁੱਲ੍ਹੜ ਪਿੱਜ਼ਾ ਕੱਪਲ ਇਕ ਵਾਰ ਫਿਰ ਤੋਂ ਵਿਵਾਦਾਂ ਵਿਚ ਘਿਰਦਾ ਨਜ਼ਰ ਆ ਰਿਹਾ ਹੈ। ਨਿਹੰਗ ਸਿੰਘਾਂ ਵੱਲੋਂ ਕੀਤੇ ਗਏ ਵਿਰੋਧ ਅਤੇ ਮਿਲੀ ਧਮਕੀ ਤੋਂ ਬਾਅਦ ਹੁਣ ਕੁੱਲ੍ਹੜ ਪਿੱਜ਼ਾ ਕੱਪਲ ਨੇ ਇਕ ਬਿਆਨ ਜਾਰੀ ਕੀਤਾ ਹੈ। ਕੱਪਲ ਨੇ ਕਿਹਾ ਕਿ ਉਹ ਆਪਣੇ ਪਰਿਵਾਰ ਨਾਲ ਸ੍ਰੀ ਦਰਬਾਰ ਸਾਹਿਬ ਜਾਣਗੇ ਅਤੇ ਆਪਣੀ ਅਰਜ਼ੀ ਲਾਉਣਗੇ। ਸਹਿਜ ਅਰੋੜਾ ਨੇ ਲਾਈਵ ਹੋ ਕੇ ਕਿਹਾ ਕਿ ਮੈਂ ਸ੍ਰੀ ਦਰਬਾਰ ਸਾਹਿਬ ਪਹੁੰਚਣ ਤੋਂ ਬਾਅਦ ਮੈਂ ਪੁੱਛਾਂਗਾ ਕਿ ਕੀ ਮੈਂ ਦਸਤਾਰ (ਦਸਤਾਰ) ਸਜਾ ਸਕਦਾ ਹਾਂ ਜਾਂ ਨਹੀਂ ਪਰ ਜੇਕਰ ਮੈਂ ਗਲਤ ਹਾਂ ਤਾਂ ਮੈਨੂੰ ਸਜ਼ਾ ਮਿਲਣੀ ਚਾਹੀਦੀ ਹੈ। ਵੀਡੀਓ 'ਚ ਸਹਿਜ ਅਤੇ ਉਨ੍ਹਾਂ ਦੀ ਪਤਨੀ ਗੁਰਪ੍ਰੀਤ ਕੌਰ ਵੀ ਮੌਜੂਦ ਹਨ। ਵੀਡੀਓ ਸੋਸ਼ਲ ਮੀਡੀਆ 'ਤੇ ਕਾਫ਼ੀ ਵਾਇਰਲ ਹੋ ਰਿਹਾ ਹੈ। ਸਹਿਜ ਅਰੋੜਾ ਅਤੇ ਗੁਰਪ੍ਰੀਤ ਕੌਰ ਵੱਲੋਂ ਦਿੱਤੇ ਗਏ ਬਿਆਨ ਤੋਂ ਬਾਅਦ ਮਾਨ ਸਿੰਘ ਬਾਬਾ (ਨਿਹੰਗ ਸਿੰਘ) ਨੇ ਫਿਰ ਨਵੀਂ ਵੀਡੀਓ ਜਾਰੀ ਕੀਤੀ ਹੈ, ਜਿਸ ਵਿਚ ਮਾਨ ਸਿੰਘ ਨੇ ਕੁੱਲ੍ਹੜ ਪਿੱਜ਼ਾ ਕੱਪਲ ਧਮਕਾਉਂਦੇ ਹੋਏ ਕਿਹਾ ਹੈ ਕਿ ਉਹ ਕੱਲ੍ਹ ਯਾਨੀ ਕਿ ਸੋਮਵਾਰ ਨੂੰ ਸਵੇਰੇ 11.30 ਵਜੇ ਫਿਰ ਤੋਂ ਉਨ੍ਹਾਂ ਦੇ ਰੈਸਟੋਰੈਂਟ ਦੇ ਬਾਹਰ ਪਹੁੰਚਣਗੇ। ਤੁਸੀਂ ਸਾਡੇ ਨਾਲ ਬੈਠ ਕੇ ਜੋ ਵੀ ਗੱਲ ਕਰਨਾ ਚਾਹੁੰਦੇ ਹੋ ਕਰ ਸਕਦੇ ਹੋ। ਤੁਹਾਡੀ ਭਲਾਈ ਇਸ ਵਿਚ ਹੀ ਹੈ ਕਿ ਤੁਸੀਂ ਇਸ ਮਾਮਲੇ ਨੂੰ ਜ਼ਿਆਦਾ ਵੱਡਾ ਨਾ ਕਰੋ। ਮਾਨ ਸਿੰਘ ਨੇ ਕਿਹਾ ਕਿ ਮੈਂ ਤੁਹਾਡੇ ਛੋਟੇ ਭਰਾ ਵਾਂਗ ਸਹਿਜ ਅਰੋੜਾ ਨੂੰ ਸਮਝਾਵਾਂਗੇ ਕਿ ਜੋ ਸਾਡੀਆਂ ਮੰਗਾਂ ਹਨ, ਉਹ ਸਾਡੀਆਂ ਪੂਰੀਆਂ ਕਰੋ। ਸਾਨੂੰ ਕੋਈ ਪੈਸੇ ਦਾ ਲਾਲਚ ਨਹੀਂ ਅਤੇ ਨਾ ਹੀ ਸਾਨੂੰ ਕੋਈ ਮਾਂ ਦਾ ਪੁੱਤ ਖ਼ਰੀਦ ਸਕਦਾ ਹੈ। ਮੈਨੂੰ ਸਾਰੀ ਜਾਣਕਾਰੀ ਮਿਲ ਚੁੱਕੀ ਹੈ ਕਿ ਕੁੱਲ੍ਹੜ ਪਿੱਜ਼ਾ ਕੱਪਲ ਵਾਲਿਆਂ ਨੇ ਬਹੁਤੇ ਲੋਕਾਂ ਨੂੰ ਪੈਸੇ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਸੀਂ ਮਾਝੇ ਵਾਲੇ ਹਾਂ ਅਤੇ ਪੈਸਿਆਂ ਨਾਲ ਵਿੱਕਣ ਵਾਲੇ ਨਹੀਂ ਹਾਂ। ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਵੀ ਬੁਲਾ ਲਿਆ ਜਾਵੇਗਾ। ਜਿਹੜੇ ਬਾਊਂਸਰ ਸਹਿਜ ਅਰੋੜਾ ਨੇ ਬੁਲਾਉਣੇ ਹਨ, ਉਹ ਬੁਲਾ ਲਵੇ। ਸਹਿਜ ਅਰੋੜਾ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਚ ਜਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੋਲੋਂ ਸਜ਼ਾ ਲਾਉਣ ਸਬੰਧੀ ਕਹੀ ਗਈ ਗੱਲ 'ਤੇ ਬੋਲਦੇ ਹੋਏ ਨਿਹੰਗ ਸਿੰਘ ਨੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਕਿਹੜੀ ਅਥਾਰਿਟੀ ਦਿੱਤੀ ਹੈ ਕਿ ਤੁਸੀਂ ਅਜਿਹੀਆਂ ਵੀਡੀਓਜ਼ ਬਣਾਓ ਅਤੇ ਸੋਸ਼ਲ ਮੀਡੀਆ 'ਤੇ ਅਪਲੋਡ ਕਰੋ। ਉਨ੍ਹਾਂ ਭੈਣ-ਭਰਾਵਾਂ ਵੱਲੋਂ ਸਾਥ ਦੇਣ ਨੂੰ ਲੈ ਗੱਲਬਾਤ ਕਰਦੇ ਹੋਏ ਕਿਹਾ ਕਿ ਜਿਹੜੇ ਭੈਣ-ਭਰਾਵਾਂ ਦੇ ਮੈਨੂੰ ਫੋਨ ਆਏ ਹਨ, ਉਨ੍ਹਾਂ ਦਾ ਬੇਹੱਦ ਧੰਨਵਾਦ ਹੈ। ਉਨ੍ਹਾਂ ਵੱਲੋਂ ਬੇਨਤੀ ਕਰਦੇ ਹੋਏ ਕਿਹਾ ਕਿ ਕੱਲ੍ਹ ਕੋਈ ਵੀ ਹੁੱਲੜਬਾਜ਼ੀ ਨਾ ਕੀਤੀ ਜਾਵੇ,ਜੇਕਰ ਕੋਈ ਨੁਕਸਾਨ ਹੁੰਦਾ ਹੈ ਤਾਂ ਉਸ ਦੇ ਜ਼ਿੰਮੇਵਾਰ ਅਸੀਂ ਨਹੀਂ ਹੋਵਾਂਗੇ। ਉਥੇ ਹੀ ਲਾਈਵ ਹੋ ਕੇ ਸਹਿਜ ਨੇ ਕਿਹਾ ਕਿ ਮੇਰੇ ਅਤੇ ਮੇਰੇ ਪਰਿਵਾਰ ਨਾਲ ਜਿੱਥੇ ਵੀ ਗਲਤ ਹੋ ਰਿਹਾ ਹੈ, ਸਾਡੇ ਵਿਚਾਰ ਸੁਣੇ ਜਾਣੇ ਚਾਹੀਦੇ ਹਨ। ਸਹਿਜ ਨੇ ਅੱਗੇ ਕਿਹਾ ਕਿ ਮੈਨੂੰ ਭਰੋਸਾ ਹੈ ਕਿ ਸਾਨੂੰ ਨਿਆਂ ਮਿਲੇਗਾ। ਕਿਉਂਕਿ ਸਾਡੀ ਸੰਸਥਾ ਸਹੀ ਨੂੰ ਸਹੀ ਅਤੇ ਗਲਤ ਨੂੰ ਗਲਤ ਕਰਾਰ ਦਿੰਦੀ ਹੈ। ਮੇਰੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਬੇਨਤੀ ਹੈ ਕਿ ਮੇਰੀ ਅਤੇ ਮੇਰੇ ਪਰਿਵਾਰ ਦੀ ਸੁਰੱਖਿਆ ਦਾ ਧਿਆਨ ਰੱਖਿਆ ਜਾਵੇ ਅਤੇ ਮੇਰੇ ਰੈਸਟੋਰੈਂਟ ਦੀ ਸੁਰੱਖਿਆ ਦਾ ਵੀ ਧਿਆਨ ਰੱਖਿਆ ਜਾਵੇ।

## ਸੁਖਬੀਰ ਨੂੰ ਮਿਲਣ ਵਾਲੀ ਧਾਰਮਿਕ ਸਜ਼ਾ 'ਚ ਕਿਉਂ ਹੋ ਰਹੀ ਦੇਰੀ ? ਅਕਾਲੀ ਦਲ ਨੇ ਕੀਤੀ ਕੋਰ ਕਮੇਟੀ ਦੀ ਮੀਟਿੰਗ, ਕਿਹਾ- ਜਥੇਦਾਰ ਨਾਲ ਕਰਾਂਗੇ ਮੁਲਾਕਾਤ

**ਚੰਡੀਗੜ੍ਹ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਚਾਇਤੀ ਚੋਣਾਂ ਤੋਂ ਠੀਕ ਪਹਿਲਾਂ ਐਤਵਾਰ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੀ ਮੀਟਿੰਗ ਹੋਈ। ਕਰੀਬ 4 ਘੰਟੇ ਚੱਲੀ ਇਸ ਮੀਟਿੰਗ ਵਿੱਚ ਪੰਚਾਇਤੀ ਚੋਣਾਂ ਤੋਂ ਲੈ ਕੇ ਮੰਡੀਆਂ ਵਿੱਚ ਝੋਨੇ ਦੀ ਲਿਫਟਿੰਗ ਤੱਕ ਦੇ ਮੁੱਦਿਆਂ 'ਤੇ ਰਣਨੀਤੀ ਬਣਾਈ ਗਈ। ਇਸ ਦੌਰਾਨ ਮੀਟਿੰਗ ਤੋਂ ਬਾਅਦ ਸੀਨੀਅਰ ਅਕਾਲੀ ਆਗੂ ਡਾ: ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਇੱਕ ਕੇਸ ਦੀ ਸੁਣਵਾਈ ਚੱਲ ਰਹੀ ਹੈ, ਜਿਸ ਦੇ ਸਬੰਧ ਵਿੱਚ ਅਕਾਲੀ ਦਲ ਦੇ ਪ੍ਰਧਾਨ ਅਤੇ ਹੋਰ ਆਗੂਆਂ ਨੇ ਆਪਣਾ ਸਪੱਸ਼ਟੀਕਰਨ ਦਿੱਤਾ ਹੈ।



ਕੁਝ ਨਵੀਆਂ ਗੱਲਾਂ ਸਾਡੇ ਧਿਆਨ ਵਿੱਚ ਆਈਆਂ ਹਨ। ਇਸ ਦੇ ਲਈ 11 ਮੈਂਬਰੀ ਕਮੇਟੀ ਹੁਣ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਹੇਠ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਮਿਲੇਗੀ। ਇਸ ਦੇ ਲਈ ਅਕਾਲ ਤਖ਼ਤ ਦੇ ਜਥੇਦਾਰ ਤੋਂ ਸਮਾਂ ਮੰਗਿਆ ਗਿਆ ਸੀ। ਉਨ੍ਹਾਂ ਦੇ ਸਾਹਮਣੇ ਸਾਰੇ ਤੱਥ ਰੱਖੇ ਜਾਣਗੇ। ਚੀਮਾ ਨੇ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੇ ਢੇਰ ਲੱਗੇ ਹੋਏ ਹਨ ਪਰ ਝੋਨੇ ਦੀ ਲਿਫਟਿੰਗ ਨਹੀਂ ਹੋ ਰਹੀ। ਸਰਕਾਰ ਵੱਲੋਂ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ, ਜੋ ਕਿ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ। ਸੈਲਰ ਮਾਲਕ ਅਜੇ ਤੱਕ ਸੰਤੁਸ਼ਟ ਨਹੀਂ ਹਨ। ਅਕਾਲੀ ਦਲ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ 72 ਘੰਟਿਆਂ ਦੇ ਅੰਦਰ ਕਿਸਾਨਾਂ ਦੀਆਂ ਫ਼ਸਲਾਂ ਦਾ ਇੱਕ-ਇੱਕ ਦਾਣਾ ਨਾ ਚੁੱਕਿਆ ਗਿਆ ਤਾਂ ਉਹ ਕਿਸਾਨਾਂ ਦੇ ਹੱਕ ਵਿੱਚ ਨਿੱਤਰਣਗੇ। ਸਰਕਾਰ ਖ਼ਿਲਾਫ਼ ਅੰਦੋਲਨ ਵੀ ਕਰਨਗੇ। ਮੀਟਿੰਗ ਵਿੱਚ ਪੰਚਾਇਤੀ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਚੀਮਾ ਨੇ ਕਿਹਾ ਕਿ ਸੂਬਾ ਸਰਕਾਰ ਦਾਅਵਾ ਕਰ ਰਹੀ ਹੈ ਕਿ ਪੰਚਾਇਤੀ ਚੋਣਾਂ ਵਿੱਚ ਕੋਈ ਦਖ਼ਲਅੰਦਾਜ਼ੀ ਨਹੀਂ ਕਰੇਗੀ ਪਰ ਇਸ ਵਾਰ ਸਰਕਾਰ ਨੇ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਇਸ ਵਾਰ ਕਾਂਗਰਸ ਦੇ ਰਾਜ ਸਮੇਂ ਨਾਲੋਂ ਵੀ ਵੱਧ ਧੱਕਾ ਹੋਇਆ ਹੈ। ਸੂਬੇ 'ਚ ਚਾਰ ਵਿਧਾਨ ਸਭਾ ਸੀਟਾਂ 'ਤੇ ਉਪ ਚੋਣਾਂ ਹੋਣੀਆਂ ਹਨ। ਇਨ੍ਹਾਂ ਵਿੱਚ ਚੱਬੇਵਾਲ, ਡੇਰਾ ਬਾਬਾ ਨਾਨਕ ਅਤੇ ਬਰਨਾਲਾ ਸ਼ਾਮਲ ਹਨ। ਇਨ੍ਹਾਂ ਸੀਟਾਂ ਦੇ ਵਿਧਾਇਕ ਹੁਣ ਸੰਸਦ ਮੈਂਬਰ ਬਣ ਗਏ ਹਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

Enjoy Real Taste of PUNJAB

PURE AND NATURAL 100% VEGETARIAN

KD

FULLY A.C. HALL

**Khehra VAISHNO DHABA**

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ
AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
ਹਰਿਰਾਇ
GURDWARA
AMRIT PARCHAR
DHARMIK DIWAN
OLDBURY
Gurdwara
Guru Maneyo Granth
OLDBURY
GURU NANAK GURDWARA
SMETHWICK
The Council of
Sikh Gurdwaras in
Sandwell




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੋਢੀ ਸੁਲਤਾਨ ਧੰਨ ਧੰਨ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ
ਪ੍ਰਕਾਸ਼ ਉਤਸਵ ਨੂੰ ਸਮਰਪਿਤ
ਗੁਰਮਤਿ ਸਮਾਗਮ
14 ਤੋਂ 19 ਅਕਤੂਬਰ ਤੱਕ
ਪਿੰਡ ਮਹਿਤਾ ਵਿਖੇ ਕਰਵਾਇਆ ਜਾ ਰਿਹਾ ਹੈ।
LIVE ON
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਗਿਆਨੀ ਗੁਰਦੀਪ ਸਿੰਘ ਜੀ
ਹੈੱਡ ਗ੍ਰੰਥੀ ਦਮਦਮੀ ਟਕਸਾਲ
ਗਿਆਨੀ ਰਛਪਾਲ ਸਿੰਘ ਜੀ
ਬਾਬਾ ਬਕਾਲਾ ਸਾਹਿਬ
ਗਿਆਨੀ ਕੁਲਦੀਪ ਸਿੰਘ ਜੀ
ਦਮਦਮੀ ਟਕਸਾਲ
ਗਿਆਨੀ ਸਿਮਰਨਜੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਰਣਜੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਗੁਰਪਿੰਦਰ ਸਿੰਘ ਜੀ
ਦਮਦਮੀ ਟਕਸਾਲ
ਭਾਈ ਸੰਦੀਪ ਸਿੰਘ ਜੀ
ਬੁੱਟਰ
ਰਾਗੀ ਭਾਈ ਗੁਲਜਾਰ ਸਿੰਘ ਜੀ
ਬੁੱਟਰ
ਰਾਗੀ ਭਾਈ ਅੰਮਿਤਪਾਲ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਗੁਰਮੰਨਤਪ੍ਰੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਹਰਪ੍ਰੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਲਵਜੀਤ ਸਿੰਘ ਜੀ
ਦਮਦਮੀ ਟਕਸਾਲ
ਭਾਈ ਨਰਿੰਦਰ ਸਿੰਘ


ਪੰਚਾਇਤ ਚੋਣਾ 2024
ਪਿੰਡ ਖਜ਼ਾਨੇ ਕੋਟ
ਤੋਂ
ਪੜੇ ਲਿਖੇ ਸੂਝਵਾਨ ਗੁਰਸਿੱਖ ਨੌਜਵਾਨ
ਸਰਪੰਚੀ ਦੇ ਉਮੀਦਵਾਰ
ਹਰਪ੍ਰੀਤ ਸਿੰਘ ਕੋਕੀ
ਨੂੰ
ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ
ਪਿੰਡ ਦੇ ਵਿਕਾਸ ਤੇ ਚੰਗੇ ਭਵਿੱਖ ਲਈ ਪਿੰਡ ਦੀ ਵਾਗਡੋਰ ਨੌਜਵਾਨਾਂ ਦੇ ਹੱਥ ਵਿੱਚ ਦਿਓ ਜੀ

# ਜਥੇਦਾਰ ਦਾਦੂਵਾਲ ਜੀ ਨੇ ਗੁਰਦੁਆਰਾ ਸੰਤ ਮਾਝਾ ਸਿੰਘ ਜੀ ਕਰਮਜੋਤ ਸਿੱਖ ਸੈਂਟਰ ਨਿਊਯਾਰਕ ਵਿਖੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ











ਜਥੇਦਾਰ ਦਾਦੂਵਾਲ ਜੀ ਗੁਰਦੁਆਰਾ ਸੰਤ ਮਾਝਾ ਸਿੰਘ ਜੀ ਕਰਮਜੋਤ ਸਿੱਖ ਸੈਂਟਰ ਨਿਊਯਾਰਕ ਵਿਖੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ, ਸਨਮਾਨਿਤ ਕਰਦੇ ਪ੍ਰਬੰਧਕ ਹਾਜ਼ਰ ਸਿੱਖ ਸੰਗਤਾਂ। ਯਾਦਗਾਰੀ ਤਸਵੀਰਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243







# ਪੜ੍ਹੇ ਲਿਖੇ ਸਾਬਤ ਸੂਰਤ ਨੌਜਵਾਨਾਂ ਨੂੰ ਸਰਪੰਚ ਬਣਾਉਣਾ ਸਮੇ ਦੀ ਲੋੜ : ਪੰਥਕ ਆਗੂ ਭਾਈ ਕਪਤਾਨ ਸਿੰਘ ਯੂ ਕੇ



ਪੰਥਕ ਆਗੂ ਤੇ ਉੱਘੇ ਸਮਾਜ ਸੇਵੀ ਭਾਈ ਕਪਤਾਨ ਸਿੰਘ ਨੇ ਆਪਣੇ ਜੱਦੀ ਪਿੰਡ ਖਜ਼ਾਨੇ ਕੋਟ ਦੀਆ ਸੰਗਤਾਂ ਨੂੰ ਪੜ੍ਹੇ ਲਿਖੇ ਸੂਝਵਾਨ ਸਾਬਤ ਸੂਰਤ ਗੁਰਸਿੱਖ ਨੌਜਵਾਨ ਹਰਪ੍ਰੀਤ ਸਿੰਘ ਕੋਕੀ ਨੂੰ ਸਰਪੰਚ ਲਈ ਵੋਟ ਪਾਉਣ ਦੀ ਅਪੀਲ ਕਰਦੇ ਹੋਏ ਕਿਹਾ ਕੇ ਵਿਦੇਸ ਜਾਣ ਦੀ ਲਾਲਸਾ ਤਿਆਗ ਕੇ ਪਿੰਡ ਦੀਆ ਸੰਗਤਾਂ ਦੀ ਸੇਵਾ ਕਰਨ ਨੂੰ ਪਹਿਲ ਦੇਣ ਵਾਲੇ ਨੌਜਵਾਨਾ ਹਰਪ੍ਰੀਤ ਸਿੰਘ ਨੂੰ ਵੋਟਾ ਪਾ ਕੇ ਪਿੰਡ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਪਿੰਡ ਦੇ ਲੋੜਵੰਦ ਪਰਿਵਾਰਾਂ ਦਾ ਸਾਥ ਦੇਣਾ ਹਰ ਵਡੇ ਛੋਟੇ ਦੀ ਸਹਾਇਤਾ ਤੇ ਇੱਜਤ ਕਰਨ ਵਾਲੇ ਆਪਣੇ ਇਸ ਬੱਚੇ ਨੂੰ ਅਸੀਸਾ ਦਿੰਦੇ ਹੋਏ ਸਰਪੰਚੀ ਦੀਆ ਵੋਟਾ ਪਾ ਕੇ ਪਿੰਡ ਦਾ ਸਰਪੰਚ ਬਣਾਓ ਤੇ ਕੇ ਪਿੰਡ ਦਾ ਵਿਕਾਸ ਕਰਵਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV



ਨਗਰ ਪੰਚਾਇਤ ਗੁਰੂਪੁਰਾ (ਰੋਡੇ)
GURUPURA RODE
ਸਰਪੰਚ ਦੀ ਚੋਣ
ਲੜ ਰਹੇ
ਗੁਰਸਿੱਖ, ਇਮਾਨਦਾਰ
ਅਤੇ ਮਿਹਨਤੀ ਉਮੀਦਵਾਰ
ਬੀਬੀ ਕੁਲਦੀਪ ਕੌਰ
Bibi Kuldip Kaur
ਚੋਣ ਨਿਸ਼ਾਨ ਬਾਲਟੀ
M. 94636-84804
ਨੂੰ ਆਉਣ ਵਾਲੀ 15 ਅਕਤੂਬਰ ਨੂੰ ਆਪਣਾ
ਇੱਕ ਇੱਕ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ।
ਜਾਰੀ ਕਰਤਾ: ਸਮੂਹ ਨਗਰ ਨਿਵਾਸੀ ਅਤੇ ਨੌਜਵਾਨ, ਗੁਰੂਪੁਰਾ (ਰੋਡੇ)
GURUPURA RODE

### ਗੁਰਮੇਲ ਸਿੰਘ ਨੇ ਵੱਡਾ ਇਕੱਠ ਕਰਕੇ

# ਟਰੈਕਟਰ 'ਤੇ ਮੋਹਰ ਲਾਉਣ ਦੀ ਕੀਤੀ ਅਪੀਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿੰਡ ਬੁਰਜ ਗੌਹਰਾ ਤੋਂ ਸਰਪੰਚ ਦੀ ਚੋਣ ਲਈ ਪੜੇ ਲਿਖੇ ਅਤੇ ਸਰਬ ਸਾਂਝੇ ਉਮੀਦਵਾਰ ਗੁਰਮੇਲ ਸਿੰਘ ਬੁਰਜ ਗੌਹਰਾ ਨੇ ਸਰਪੰਚੀ ਦੀ ਚੋਣ ਲੜਨ ਦਾ ਐਲਾਨ ਕੀਤਾ ਉਸ ਦਿਨ ਤੋਂ ਲੋਕਾ ਦੇ ਮਿਲ ਰਹੇ ਪਿਆਰ ਨੂੰ ਸਜਦਾ ਕਰਦੇ ਹੋਏ 15 ਅਕਤੂਬਰ ਨੂੰ ਟਰੈਕਟਰ ਤੇ ਮੋਹਰ ਲਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਸਰਪੰਚ ਬਣਨ ਤੋਂ ਬਾਅਦ ਪਿੰਡ ਵਿੱਚ ਸ਼ਾਨਦਾਰ ਪਾਰਕ, ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਵਿਸ਼ੇਸ਼ ਪ੍ਰੋਗਰਾਮ, ਲੋੜਵੰਦ ਪਰਿਵਾਰਾਂ ਨੂੰ ਸਰਕਾਰ ਦੀਆਂ ਬਿਨਾਂ ਕਿਸੇ ਪੱਖਪਾਤ ਤੋਂ ਵਿਸ਼ੇਸ਼ ਸਹੂਲਤਾਂ ਦੇਣਾ, ਖੇਡਾਂ ਅਤੇ ਵਿਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਮਾਨ ਸਨਮਾਨ ਤੋਂ ਇਲਾਵਾ ਰਹਿੰਦੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜਨਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਉਨਾਂ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਉਹ ਖੁਦ ਅਤੇ ਉਨਾਂ ਦੇ ਸਪੋਰਟਰ ਲਗਾਤਾਰ ਵੱਖ ਵੱਖ ਵਾਰਡਾਂ ਅੰਦਰ ਵੋਟਰਾਂ ਤੱਕ ਪਹੁੰਚ ਕਰ ਰਹੇ ਹਨ।

### ਡਿਪਟੀ ਕਮਿਸ਼ਨਰ ਨੇ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਦੇ ਮੱਦੇਨਜ਼ਰ ਅਧਿਕਾਰੀਆਂ ਨਾਲ ਕੀਤੀ ਮੀਟਿੰਗ

# ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਦੀ ਕੀਤੀ ਅਪੀਲ

**ਬਠਿੰਡਾ, 13 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਦੇ ਮੱਦੇਨਜ਼ਰ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਉਨਾਂ ਅਧਿਕਾਰੀਆਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਜਾ ਕੇ ਵੱਧ ਤੋਂ ਵੱਧ ਕਿਸਾਨ ਜਾਗਰੂਕਤਾ ਕੈਂਪ ਲਗਾਏ ਜਾਣ। ਉਹਨਾਂ ਇਹ ਵੀ ਕਿਹਾ ਕਿ ਕੈਂਪ ਦੌਰਾਨ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਵਿਸਥਾਰ ਪੂਰਵਕ ਜਾਣੂ ਕਰਵਾਇਆ ਜਾਵੇ। ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਖੇਤੀਬਾੜੀ ਅਧਿਕਾਰੀਆਂ ਨੂੰ ਸਖਤ ਆਦੇਸ਼ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਉਨਤ ਕਿਸਾਨ ਐਪ ਉਨ੍ਹਾਂ ਦੇ ਮੋਬਾਇਲਾਂ ਉਪਰ ਡਾਊਨਲੋਡ ਕਰਵਾਕੇ ਇਸ ਬਾਰੇ ਉਨ੍ਹਾਂ ਨੂੰ ਵੱਧ ਤੋਂ ਵੱਧ ਜਾਣੂੰ ਕਰਵਾਇਆ ਜਾਵੇ ਤਾਂ ਜੋ ਕਿਸਾਨ ਇਸ ਐਪ ਰਾਹੀਂ ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਬਾਰੇ ਵੱਧ ਤੋਂ ਵੱਧ ਜਾਣਕਾਰੀ ਹਾਸਲ ਕਰਦਿਆਂ ਇਸ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਣ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਪਿੰਡਾਂ ਵਿਚ ਕਿਸਾਨਾਂ ਕੋਲ ਜਾ ਕੇ ਉਨ੍ਹਾਂ ਨੂੰ ਇਹ ਵੀ ਜਾਗਰੂਕ ਕਰਨ ਕਿ ਇਸ ਐਪ ਨਾਲ ਹੁਣ ਕਿਸਾਨਾਂ ਨੂੰ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਹੋਵੇਗੀ ਅਤੇ ਘਰ ਬੈਠੇ ਹੀ ਇਸ ਐਪ ਦੀ ਵਰਤੋਂ ਕਰਕੇ ਜ਼ਰੂਰਤ ਅਨੁਸਾਰ ਪਰਾਲੀ ਦੇ ਪ੍ਰਬੰਧਨ ਲਈ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਕਿਸਾਨਾਂ ਨੂੰ ਇਹ ਵੀ ਦੱਸਿਆ ਜਾਵੇ ਕਿ ਪਿੰਡ ਪੱਧਰ 'ਤੇ ਨੋਡਲ ਅਫ਼ਸਰਾਂ ਰਾਹੀਂ ਵੀ ਖੇਤੀ ਮਸ਼ੀਨਰੀ ਦੀ ਬੁਕਿੰਗ ਕਰਵਾਈ ਜਾ ਸਕਦੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਦੱਸਿਆ ਕਿ ਕਿਸਾਨਾਂ ਦੀ ਫ਼ਸਲ ਸਮੇਂ-ਸਿਰ ਖਰੀਦ ਅਤੇ ਉਸ ਦੀ ਅਦਾਇਗੀ ਵੀ ਨਾਲੋਂ-ਨਾਲ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਵਾਤਾਵਰਨ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਝੋਨੇ ਦੀ ਪਰਾਲੀ ਤੇ ਇਸ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਰਨਲ) ਮੈਡਮ ਪੂਨਮ ਸਿੰਘ, ਐਸ.ਪੀ. ਸਿਟੀ ਸ੍ਰੀ ਨਰਿੰਦਰ ਸਿੰਘ, ਐਸਡੀਐਮ ਬਠਿੰਡਾ ਬਲਕਰਨ ਸਿੰਘ ਮਾਹਲ, ਐਸਡੀਐਮ ਤਲਵੰਡੀ ਸਾਬੋ ਹਰਜਿੰਦਰ ਸਿੰਘ ਜੱਸਲ, ਐਸਡੀਐਮ ਰਾਮਪੁਰਾ ਗਗਨਦੀਪ ਸਿੰਘ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਹਨਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।



### ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ

# ਮਹਾਰਾਸ਼ਟਰ 'ਚ ਸਿਖ ਨੁਮਾਇੰਦਗੀ ਕਮੇਟੀ ਅਤੇ ਪੰਜਾਬੀ ਸਾਹਿਤ ਅਕਾਦਮੀ ਦੀ ਹੋਈ ਸਥਾਪਨਾ

**ਚੌਕ ਮਹਿਤਾ, 13 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਮਹਾਰਾਸ਼ਟਰ ਸਰਕਾਰ ਨੇ ਸਿੱਖ ਭਾਈਚਾਰੇ ਦੀਆਂ ਕਈ ਮੁੱਖ ਮੰਗਾਂ ਨੂੰ ਮੰਨ ਲਿਆ ਹੈ ਅਤੇ ਉਨ੍ਹਾਂ ਦੀ ਸਫਲ ਪੂਰੀ ਹੋਣ ਦੀ ਸੂਚਨਾ ਆਧਿਕਾਰਕ ਤੌਰ 'ਤੇ ਘੋਸ਼ਿਤ ਕੀਤੀ ਹੈ ।ਇਸ ਸਭ ਉਪਰਾਲੇ ਪਿਛੇ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ (ਦਮਦਮੀ ਟਕਸਾਲ), ਸੰਤ ਬਾਬਾ ਘੋਲਾ ਸਿੰਘ ਜੀ, ਬਾਬਾ ਰਣਜੀਤ ਸਿੰਘ ਜੀ, ਅਤੇ ਬਾਬਾ ਧੀਰ ਸਿੰਘ ਜੀ ਦਾ ਵਿਸ਼ੇਸ਼ ਹੱਥ ਹੈ ਜਿੰਨ੍ਹਾਂ ਨੇ ਭਾਈਚਾਰੇ ਨੂੰ ਇੱਕਜੁੱਟ ਕੀਤਾ। ਇਹ ਮਹੱਤਵਪੂਰਨ ਪ੍ਰਾਪਤੀ ਸਿੱਖ ਸੰਗਤ, ਗੁਰਦੁਆਰਾ ਕਮੇਟੀਆਂ, ਸੇਵਕ ਜਥਿਆਂ ਅਤੇ ਸੇਵਕਾਂ ਦੀ ਨਿਰੰਤਰ ਸੇਵਾ ਅਤੇ ਸਮਰਪਣ ਤੋਂ ਬਿਨਾਂ ਸੰਭਵ ਨਹੀਂ ਸੀ ।ਸਰਕਾਰ ਵੱਲੋਂ ਪੰਜਾਬੀ ਸਾਹਿਤ ਅਕਾਦਮੀ ਦੀ ਸਥਾਪਨਾ ਕਰਦੇ ਹੋਏ ਮਹਾਰਾਸ਼ਟਰ ਦੇ ਪ੍ਰਮੁੱਖ ਚਿਹਰੇ ਬਲ ਮਲਕੀਤ ਸਿੰਘ ਨੂੰ ਇਸਦਾ ਮੁੱਖੀ ਨਿਯੁੱਕਤ ਕੀਤਾ ਹੈ ।ਇਸਦੇ ਨਾਲ ਹੀ ਚਰਨਦੀਪ ਸਿੰਘ (ਹੈਪੀ ਸਿੰਘ) ਨੂੰ ਮਹਾਰਾਸ਼ਟਰ ਰਾਜ ਘੱਟ ਗਿਣਤੀ ਵਿਕਾਸ ਕਮਿਸ਼ਨ ਵਿੱਚ ਭਾਈਚਾਰੇ ਦਾ ਪ੍ਰਤੀਨਿਧੀ ਨਿਯੁਕਤ ਕੀਤਾ ਗਿਆ ਹੈ ।ਇਸ ਤੋਂ ਇਲਾਵਾ ਜਸਪਾਲ ਸਿੰਘ ਸਿੱਧੂ ਨੂੰ 11 ਮੈਂਬਰੀ ਸਿੱਖ ਪ੍ਰਤੀਨਿਧ ਕਮੇਟੀ ਦੀ ਅਗਵਾਈ ਕਰਨਗੇ ।ਕਮੇਟੀ ਵਿੱਚ 11 ਮੈਂਬਰਾਂ ਵਿੱਚ ਜਸਪਾਲ ਸਿੰਘ ਸਿੱਧੂ, ਗੁਰਮੀਤ ਸਿੰਘ ਰੱਟੂ, ਗੁਰਮੀਤ ਸਿੰਘ ਕੋਕਰ, ਰਣਜੀਤ ਸਿੰਘ ਗਿੱਲ, ਅਮਰਜੀਤ ਸਿੰਘ ਕੁੰਜੀਵਾਲੇ, ਗੁਰਮੁੱਖ ਸਿੰਘ ਸੰਧੂ, ਬਲਬੀਰ ਸਿੰਘ ਟਾਕ, ਹਰਪ੍ਰੀਤ ਸਿੰਘ ਪੱਲਾ, ਸਰਬਜੀਤ ਸਿੰਘ ਸੈਣੀ, ਚਰਨਦੀਪ ਸਿੰਘ, ਭੁਪਿੰਦਰ ਸਿੰਘ ਆਨੰਦ, ਰਮੇਸ਼ਵਰ ਨਾਇਕ ਸ਼ਾਮਲ ਹਨ ।ਇਸ ਮੌਕੇ ਬਲ ਨੇ ਅਪਣੀ ਨਿਯੁੱਕਤੀ ਲਈ ਪ੍ਰਮਾਤਮਾ, ਸਮੂਹ ਸੰਗਤਾਂ, ਕਮੇਟੀਆਂ ਅਤੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਭਾਈਚਾਰੇ ਦੀ ਤਰੱਕੀ ਲਈ ਇੱਕਜੁੱਟ ਹੋ ਕੇ ਕੰਮ ਜਾਰੀ ਰੱਖਾਂਗੇ ।ਇਹ ਸਿਰਫ ਇੱਕ ਸ਼ੁਰੂਆਤ ਹੈ, ਇੱਕ ਰੌਸ਼ਨ ਭਵਿੱਖ ਦੀ ।ਉਨ੍ਹਾਂ ਕਿਹਾ ਕਿ ਦੇਵੇਂਦਰ ਫੜਨਵੀਸ ਨੇ ਸੰਬੰਧਿਤ ਅਧਿਕਾਰੀਆਂ ਨੂੰ ਸਾਡੀਆਂ ਸਾਰੀਆਂ ਮੰਗਾਂ ਜਿਸ ਵਿੱਚ ਨੰਦੇੜ ਲਈ ਵੰਦੇ ਭਾਰਤ ਟ੍ਰੇਨ ਦੀ ਕਨੈਕਟੀਵਿਟੀ, ਵਾਸੀ ਵਿਖੇ ਪੰਜਾਬ ਭਵਨ ਪਲਾਟ ਦਾ ਮਾਮਲਾ ਹੱਲ, ਪਨਵੇਲ ਤੋਂ ਉੱਤਰੀ ਭਾਰਤ ਲਈ ਟ੍ਰੇਨ ਦੀ ਬਿਹਤਰ ਕਨੈਕਟੀਵਿਟੀ, ਉਲਵੇ, ਨਵੀ ਮੁੰਬਈ ਵਿੱਚ ਸੱਭਿਆਚਾਰਕ ਅਤੇ ਧਾਰਮਿਕ ਪ੍ਰੋਗਰਾਮਾਂ ਲਈ ਜਮੀਨ ਦੀ ਅਲਾਟਮੈਂਟ ਆਦਿ ਦੇ ਹੱਲ ਲਈ ਸਿਫਾਰਸ਼ੀ ਪੱਤਰ ਜਾਰੀ ਕੀਤਾ ਗਿਆ ਹੈ।



# ਕਾਊਂਟਿੰਗ ਦੀ ਪ੍ਰਕਿਰਿਆ ਦੌਰਾਨ ਵੀਡੀਓਗ੍ਰਾਫੀ ਕਰਨੀ ਬਣਾਈ ਜਾਵੇ ਯਕੀਨੀ- ਡਿਪਟੀ ਕਮਿਸ਼ਨਰ

### ਚੋਣ ਡਿਊਟੀ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨਹੀਂ ਹੋਵੇਗੀ ਬਰਦਾਸ਼ਤ



**ਬਠਿੰਡਾ, 13 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਜ਼ਿਲਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਪੰਚਾਇਤੀ ਚੋਣਾਂ- 2024 ਦੇ ਮੱਦੇਨਜ਼ਰ ਰਿਟਰਨਿੰਗ ਅਫਸਰਾਂ ਅਤੇ ਸਹਾਇਕ ਰਿਟਰਨਿੰਗ ਅਫਸਰਾਂ ਦੇ ਨਾਲ ਵਿਸ਼ੇਸ਼ ਮੀਟਿੰਗ ਕਰਦਿਆਂ ਕੀਤੇ ਗਏ ਚੋਣ ਪ੍ਰਬੰਧਾਂ ਦੀ ਸਮੀਖਿਆ ਕੀਤੀ। ਇਸ ਮੌਕੇ ਉਨਾਂ ਅਧਿਕਾਰੀਆਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜ਼ਿਲ੍ਹਾ ਚੋਣ ਅਫਸਰ ਨੇ ਅਧਿਕਾਰੀਆਂ ਨੂੰ ਕਿਹਾ ਕਿ 15 ਅਕਤੂਬਰ 2024 ਨੂੰ ਵੋਟਿੰਗ ਦੀ ਪ੍ਰਕਿਰਿਆ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਹੋਵੇਗੀ। ਇਸ ਮੌਕੇ ਉਹਨਾਂ ਕਿਹਾ ਕਿ ਚੋਣ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਕਾਊਂਟਿੰਗ ਦੀ ਪ੍ਰਕਿਰਿਆ ਦੌਰਾਨ ਵੀਡੀਓਗ੍ਰਾਫੀ ਕਰਨੀ ਲਾਜ਼ਮੀ ਬਣਾਈ ਜਾਵੇ। ਇਸ ਮੌਕੇ ਜ਼ਿਲਾ ਚੋਣ ਅਫਸਰ ਨੇ ਅਧਿਕਾਰੀਆਂ ਨੂੰ ਸਖਤ ਲੋੜੀਦੇ ਦਿਸ਼ਾ ਨਿਰਦੇਸ਼ ਦਿੰਦਿਆਂ ਕਿਹਾ ਕਿ ਚੋਣ ਡਿਊਟੀ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਇਹ ਵੀ ਕਿਹਾ ਕਿ ਜੇਕਰ ਕੋਈ ਵੀ ਅਧਿਕਾਰੀ ਜਾਂ ਕਰਮਚਾਰੀ ਆਪਣੀ ਡਿਊਟੀ ਪ੍ਰਤੀ ਕੁਤਾਹੀ ਵਰਤੇਗਾ ਤਾਂ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਰਨਲ) ਮੈਡਮ ਪੂਨਮ ਸਿੰਘ, ਐਸ.ਪੀ. ਸਿਟੀ ਸ੍ਰੀ ਨਰਿੰਦਰ ਸਿੰਘ, ਐਸਡੀਐਮ ਬਠਿੰਡਾ ਬਲਕਰਨ ਸਿੰਘ ਮਾਹਲ, ਐਸਡੀਐਮ ਤਲਵੰਡੀ ਸਾਬੋ ਹਰਜਿੰਦਰ ਸਿੰਘ ਜੱਸਲ, ਐਸਡੀਐਮ ਰਾਮਪੁਰਾ ਗਗਨਦੀਪ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਹਨਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਟੋਲ ਪਲਾਜ਼ਾ ਮੌੜ ਕੀਤਾ ਰੋਡ ਜਾਮ



**ਤਲਵੰਡੀ ਸਾਬੋ, 13 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਸਯੁੰਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 12 ਤੋਂ 3 ਵਜੇ ਤੱਕ ਝੋਨੇ ਦੀ ਖਰੀਦ ਦੇ ਸਬੰਧ ਵਿੱਚ ਬਠਿੰਡਾ ਮਾਨਸਾ ਰੋਡ ਤੇ ਟੋਲ ਪਲਾਜ਼ਾ ਘੁੰਮਣ ਕਲਾਂ ਵਿਖੇ ਚੱਕਾ ਜਾਮ ਕੀਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਰਨਲ ਸਕੱਤਰ ਰਾਜਮਹਿੰਦਰ ਸਿੰਘ ਕੋਟ ਭਾਰਾ ਨੇ ਦੱਸਿਆ ਕਿ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਜਨਤਾ ਨੂੰ ਸਿਵਾਏ ਲਾਰਿਆਂ ਤੋਂ ਕੁਝ ਨਹੀਂ ਦਿੱਤਾ ਜਾਂਦਾ। ਬੇਸ਼ੱਕ ਝੋਨੇ ਦੀ ਖਰੀਦ ਸ਼ੈੱਲਰ ਮਾਲਕਾਂ ਦੀਆਂ ਮੁਸਕਲਾਂ ਆੜ੍ਹਤੀਆਂ ਐਸੋਸੀਏਸ਼ਨ ਭਵੇਂ ਕਣਕ ਦੀ ਬਿਜਾਈ ਨੂੰ ਲੈ ਕਿ ਡੀਏਪੀ ਖਾਦ ਦਾ ਮਸਲਾ ਹੋਵੇ। ਪਰ ਸਰਕਾਰਾਂ ਕੰਨਾਂ ਤੇ ਹੱਥ ਧਰਕੇ ਕੁੰਭ ਕਰਨ ਦੀ ਨੀਂਦ ਸੁੱਤੀਆਂ ਪਈਆਂ ਹਨ। ਅੱਜ ਵਾਲਾ ਸੰਕੇਤਕ ਪ੍ਰੋਗਰਾਮ ਰੱਖਿਆ ਗਿਆ ਸੀ। ਜੇਕਰ ਸਰਕਾਰ ਵੱਲੋਂ ਇਸ ਮਸਲੇ ਦਾ ਹੱਲ ਫੋਰੀ ਤੌਰ 'ਤੇ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸਯੁੰਕਤ ਮੋਰਚੇ ਵੱਲੋਂ ਕੋਈ ਸਖਤ ਫੈਸਲਾ ਲਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੂਟਾ ਸਿੰਘ ਤੁੰਗਵਾਲੀ ਬਲਾਕ ਪ੍ਰਧਾਨ ਨਥਾਣਾ, ਸਵਰਨ ਸਿੰਘ ਭਾਈਰੂਪਾ ਬਲਾਕ ਪ੍ਰਧਾਨ ਰਾਮਪੁਰਾ, ਅਵਤਾਰ ਸਿੰਘ ਕੁੱਬੇ ਜਿਲ੍ਹਾ ਖਜਾਨਚੀ, ਜਸਪਾਲ ਸਿੰਘ ਕੁੱਬੇ ਬਲਾਕ ਖਜਾਨਚੀ, ਬਲਕਰਨ ਸਿੰਘ ਭਾਗੀਵਾਂਦਰ, ਕਰਮ ਸਿੰਘ ਭਾਈਰੂਪਾ, ਪਾਲ ਸਿੰਘ ਤੁੰਗਵਾਲੀ ਤੋਂ ਇਲਾਵਾ ਹੋਰ ਬਹੁਤ ਸਾਰੇ ਕਿਸਾਨ ਆਗੂ ਵਰਕਰ ਮੌਜੂਦ ਸਨ।





## ਜਨਮ ਦਿਨ ਮੁਬਾਰਕ

**ਹਰਨੂਰ ਸਿੰਘ**

ਪਿਤਾ : ਕਰਨੈਲ ਸਿੰਘ ਐੱਮ.ਏ.

ਮਾਤਾ : ਅਮਰਜੀਤ ਸਿੰਘ

ਜਮਾਲਪੁਰ, ਲੁਧਿਆਣਾ

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਖਿਆਲਾ ਕਲਾਂ ਤੋਂ ਚਾਰ ਉਮੀਦਵਾਰ ਸਰਪੰਚੀ ਲਈ ਆਹਮੋ ਸਾਹਮਣੇ

# ਕਾਂਗਰਸ, ਭਾਜਪਾ, ਆਮ ਆਦਮੀ ਪਾਰਟੀ ਅਤੇ ਆਜ਼ਾਦ ਉਮੀਦਵਾਰ ਚੋਣ ਮੈਦਾਨ ਵਿੱਚ






**ਚੌਂਕ ਮਹਿਤਾ, 13 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਪਿੰਡ ਖਿਆਲਾ ਕਲਾਂ ਤੋਂ ਇਸ ਵੇਲੇ ਚਾਰ ਉਮੀਦਵਾਰ ਆਹਮੋ -ਸਾਹਮਣੇ ਡਟੇ ਹੋਏ ਹਨ, ਜਿਨਾਂ ਵਿੱਚੋਂ ਕਾਂਗਰਸ ਪਾਰਟੀ ਵੱਲੋਂ ਹੁਸ਼ਿਆਰ ਸਿੰਘ ਬਰਾੜ, ਭਾਰਤੀ ਜਨਤਾ ਪਾਰਟੀ ਵੱਲੋਂ ਡਾਕਟਰ ਸੁਖਚੈਨ ਸਿੰਘ, ਆਮ ਆਦਮੀ ਪਾਰਟੀ ਵੱਲੋਂ ਪਨਗਰੇਨ ਪੰਜਾਬ ਦੇ ਚੇਅਰਮੈਨ ਬਲਦੇਵ ਸਿੰਘ ਮਿਆਦੀਆਂ ਦੀ ਹਮਾਇਤ ਪ੍ਰਾਪਤ ਉਮੀਦਵਾਰ ਮੰਗਵਿੰਦਰ ਸਿੰਘ ਮੰਗਾ ਜੌਹਲ ਅਤੇ ਆਜ਼ਾਦ ਉਮੀਦਵਾਰ ਦੇ ਤੌਰ 'ਤੇ ਸਰਤਾਜ ਸਿੰਘ ਜ਼ੈਲਦਾਰ ਚੋਣ ਮੈਦਾਨ ਵਿੱਚ ਹਨ, ਅਤੇ ਚੌਹਾਂ ਉਮੀਦਵਾਰਾਂ ਨੇ ਆਪੋ -ਆਪਣੇ ਮੈਂਬਰ ਪੰਚਾਇਤ ਵਾਸਤੇ ਉਮੀਦਵਾਰ ਖੜ੍ਹੇ ਕੀਤੇ ਹਨ। ਸਰਪੰਚ ਦੇ ਨਾਲ ਇਸ ਪਿੰਡ ਵਿੱਚੋਂ 9 ਪੰਚਾਂ ਦੀ ਚੋਣ ਹੋਵੇਗੀ, ਪਰ ਇੱਥੇ ਚੌਹਾਂ ਗਰੁੱਪਾਂ ਵੱਲੋਂ 29 ਉਮੀਦਵਾਰ ਚੋਣ ਮੈਦਾਨ ਵਿੱਚ ਕਿਸਮਤ ਅਜ਼ਮਾਈ ਕਰ ਰਹੇ ਹਨ। ਮੰਗਵਿੰਦਰ ਸਿੰਘ ਜੌਹਲ ਵੱਲੋਂ ਜਸਬੀਰ ਕੌਰ, ਕੁਲਵਿੰਦਰ ਸਿੰਘ, ਪ੍ਰਤਾਪ ਸਿੰਘ, ਸੁਖਵਿੰਦਰ ਸਿੰਘ, ਲਖਵਿੰਦਰ ਸਿੰਘ, ਸਰਦੂਲ ਸਿੰਘ, ਜਸਵਿੰਦਰ ਕੌਰ, ਸੁਖਬੀਰ ਕੌਰ ਅਤੇ ਅਮਨਦੀਪ ਕੌਰ।

ਇਸੇ ਤਰ੍ਹਾਂ ਸਰਤਾਜ ਸਿੰਘ ਜ਼ੈਲਦਾਰ ਵੱਲੋਂ ਲਖਬੀਰ ਕੌਰ, ਕਰਨ ਸਿੰਘ, ਸਾਹਿਬ ਸਿੰਘ, ਸੁਰਜੀਤ ਸਿੰਘ ਬੱਬੂ, ਰਾਮ ਸਿੰਘ, ਗੁਰਮੀਤ ਸਿੰਘ, ਅਮਰੀਕ ਕੌਰ,ਸੁਮਨਦੀਪ ਕੌਰ ਅਤੇ ਅਮਰਜੀਤ ਕੌਰ। ਜ਼ੈਲਦਾਰ ਪਰਿਵਾਰ ਪਿਛਲੇ ਲੰਬੇ ਸਮੇਂ ਤੋਂ ਅਕਾਲੀ ਦਲ ਨਾਲ ਜੁੜਿਆ ਰਿਹਾ ਹੈ, ਪਰ ਕੁਝ ਸਮਾਂ ਪਹਿਲਾਂ ਉਹ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ।ਹੁਸ਼ਿਆਰ ਸਿੰਘ ਬਰਾੜ ਨੇ ਪੰਚੀ ਵਾਸਤੇ ਸੱਤ ਉਮੀਦਵਾਰ ਖੜੇ ਕੀਤੇ ਹਨ, ਜਿਨਾਂ ਵਿੱਚੋਂ ਗੀਤਾ ਕੌਰ, ਹਰਪਾਲ ਸਿੰਘ, ਸਤਨਾਮ ਸਿੰਘ, ਮਹਿੰਦਰ ਸਿੰਘ ਬਿੱਲਾ, ਬਲਬੀਰ ਕੌਰ, ਗੁਰਮੀਤ ਕੌਰ ਅਤੇ ਗੁਰਪ੍ਰੀਤ ਕੌਰ ਚੋਣ ਲੜ ਰਹੇ ਹਨ। ਭਾਜਪਾ ਦੇ ਉਮੀਦਵਾਰ ਡਾਕਟਰ ਸੁਖਚੈਨ ਸਿੰਘ ਨੇ ਪੰਚੀ ਵਾਸਤੇ ਚਾਰ ਉਮੀਦਵਾਰ ਮੈਦਾਨ ਵਿੱਚ ਉਤਾਰੇ ਹਨ ਜਿਨਾਂ ਵਿੱਚ ਕੋਮਲਪ੍ਰੀਤ ਕੌਰ, ਸਾਜਨ ਸਿੰਘ, ਗੁਰਪ੍ਰਤਾਪ ਸਿੰਘ ਅਤੇ ਸੁਖਵਿੰਦਰ ਸਿੰਘ ਚੋਣ ਮੈਦਾਨ ਵਿੱਚ ਹਨ। ਭਾਵੇਂ ਕਿ ਸਾਰੇ ਉਮੀਦਵਾਰ ਭਾਵੇਂ ਆਪੋ- ਆਪਣੀ ਜਿੱਤ ਦਾ ਦਾਅਵਾ ਕਰ ਰਹੇ ਹਨ, ਪਰ ਵੋਟਰਾਂ ਦੀ ਨਬਜ਼ ਨੂੰ ਕੋਈ ਵੀ ਫ਼ੜ ਨਹੀਂ ਸਕਿਆ ਅਤੇ ਮੁਕਾਬਲਾ ਬਹੁਤ ਹੀ ਦਿਲਚਸਪ ਅਤੇ ਜਬਰਦਸਤ ਬਣਿਆ ਹੋਇਆ ਹੈ। ਹੁਣ ਤੱਕ ਕੋਈ ਵੀ ਪਤਾ ਨਹੀਂ ਲੱਗ ਰਿਹਾ ਕਿ ਕਿਸ ਧੜੇ ਦੀ ਪੰਚਾਇਤ ਬਣੇਗੀ। ਆਪਣੀ ਜਿੱਤ ਨੂੰ ਪੱਕਿਆਂ ਕਰਨ ਲਈ ਉਮੀਦਵਾਰਾਂ ਵੱਲੋਂ ਹਰ ਘਰ ਦਾ ਬੂਹਾ ਖੜਕਾਇਆ ਜਾ ਰਿਹਾ ਹੈ।

### ਪਿੰਡ ਸੈਦੋਲੇਹਲ ਵਿਖੇ

# ਪੰਚਾਇਤੀ ਚੋਣਾਂ ਦੌਰਾਨ ਕੀਤਾ ਰੋਡ ਮਾਰਚ



**ਚੌਂਕ ਮਹਿਤਾ, 13 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਸੈਦੋਲੇਹਲ ਵਿਖੇ ਆਮ ਆਦਮੀ ਪਾਰਟੀ ਨਾਲ ਸਬੰਧਤ ਸਰਪੰਚੀ ਦੇ ਉਮੀਦਵਾਰ ਪ੍ਰੇਮ ਸਿੰਘ ਸੈਦੋਲੇਹਲ ਵਲੋ ਅੱਜ ਚੋਣ ਪ੍ਰਚਾਰ ਦੇ ਆਖਰੀ ਦਿਨ ਆਪਣੇ ਸਮੂਹ ਵਰਕਰਾਂ ਦੇ ਨਾਲ ਰੋਡ ਮਾਰਚ ਕੱਢਿਆ ਗਿਆ, ਸਰਪੰਚੀ ਦੇ ਉਮੀਦਵਾਰ ਪ੍ਰੇਮ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਸਰਪੰਚੀ ਦੀ ਚੋਣ ਜਿੱਤ ਕੇ ਆਪਣੇ ਹਰਮਨ ਪਿਆਰੇ ਨੇਤਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਝੋਲੀ ਪਾਵੇਗਾ, ਅਤੇ ਉਹ ਪੂਰੇ ਤਨ ਮਨ ਧਨ ਨਾਲ ਇਸ ਜਿੰਮੇਵਾਰੀ ਨੂੰ ਨਿਭਾਵੇਗਾ ਅਤੇ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਸਾਰੇ ਪਿੰਡ ਦਾ ਵਿਕਾਸ ਕਰਵਾਏਗਾ। ਜ਼ਿਕਰਯੋਗ ਹੈ ਕਿ ਅੱਜ ਚੋਣ ਪ੍ਰਚਾਰ ਦਾ ਆਖਰੀ ਦਿਨ ਸੀ, ਤੇ 15 ਅਕਤੂਬਰ ਨੂੰ ਪੰਜਾਬ ਦੇ ਹਰ ਪਿੰਡ ਵਿੱਚ ਪੰਚਾਇਤਾਂ ਬਣਾਉਣ ਲਈ ਵੋਟਾਂ ਪਾਈਆਂ ਜਾਣੀਆਂ ਹਨ। ਇਸ ਮੌਕੇ ਹੋਰਨਾਂ ਤੋਂ ਪ੍ਰੇਮ ਸਿੰਘ ਉਮੀਦਵਾਰ,ਪ੍ਰਕਾਸ਼ ਸਿੰਘ ਫੌਜੀ, ਦਲਬੀਰ ਸਿੰਘ ਪ੍ਰਿੰਸ, ਹਰਦੀਪ ਸਿੰਘ ਵਰਿੰਦਰ ਸਿੰਘ, ਬਾਬਾ ਸ਼ਮਸ਼ੇਰ ਸਿੰਘ, ਧਰਵਿੰਦਰ ਸਿੰਘ ਸਾਬਕਾ ਸਰਪੰਚ,ਗਹਿਲ ਸਿੰਘ ਮਿਸਤਰੀ, ਮੁਖਤਾਰ ਸਿੰਘ ਫੌਜੀ, ਰਸ਼ਪਾਲ ਸਿੰਘ, ਸਰਨੈਲ ਸਿੰਘ ਸਾਬਕਾ ਸਰਪੰਚ ਆਦਿ ਹਾਜ਼ਰ ਸਨ।

### ਮੁੱਖ ਮੰਤਰੀ ਦੇ ਦਫ਼ਤਰ ਇੰਚਾਰਜ ਘੁੱਲੀ ਨੇ ਕਿਸਾਨਾਂ ਨੂੰ

# ਪੈਰਵੀ ਕਰਨ ਦਾ ਭਰੋਸਾ ਦਵਾਇਆ, ਧਰਨਾ ਚੁਕਵਾਇਆ

**ਧੂਰੀ, ( ਰਣਜੀਤ ਸਿੰਘ ਪੇਧਨੀ )**-ਪਿੰਡ ਭੁੱਲਰਹੇੜੀ ਦੇਵੀ ਗਰਿੰਡ ਮਾਮਲੇ 'ਚ ਕਿਸਾਨ ਜਥੇਬੰਦੀਆਂ ਦਾ 10 ਦਿਨਾਂ ਤੋਂ ਚੱਲ ਰਿਹਾ ਧਰਨਾ ਅੱਜ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਧੂਰੀ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਵੱਲੋਂ ਦਿੱਤੇ ਭਰੋਸੇ ਮਗਰੋਂ ਚੁਕਵਾ ਦਿੱਤਾ ਗਿਆ।



ਚੇਅਰਮੈਨ ਘੁੱਲੀ ਦੇ ਯਤਨਾਂ ਸਦਕਾ ਦੋ ਦਿਨ ਪਹਿਲਾਂ ਧਰਨਾਕਾਰੀ ਕਿਸਾਨਾਂ ਨਾਲ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਨੇ ਖਾਸ ਮੁਲਾਕਾਤ ਕਰਕੇ ਮਾਮਲੇ ਦੇ ਹੱਲ ਲਈ ਵਿਚਾਰਾਂ ਕੀਤੀਆਂ ਸਨ।ਅੱਜ ਮੁੱਖ ਮੰਤਰੀ ਦੇ ਕੈਂਪ ਦਫਤਰ ਧੂਰੀ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਤੇ ਉਨ੍ਹਾਂ ਦੀ ਟੀਮ 'ਚ ਸ਼ਾਮਲ 'ਆਪ' ਆਗੂ ਜਤਿੰਦਰ ਸਿੰਘ ਗੋਲੂ ਗੁਰਪਾਲ ਸਿੰਘ ਆਦਿ ਨੇ 66 ਕੇਵੀ ਪਿੰਡ ਭੁੱਸਰਹੇੜੀ ਵਿੱਚ ਧਰਨਾਕਾਰੀ ਕਿਸਾਨਾਂ ਨਾਲ ਮੁੱਖ ਮੰਤਰੀ ਦੇ ਕੱਪ ਦਫ਼ਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਤੇ ਹੋਰ। ਗਰਿੰਡ ਭੁੱਲਰਹੇੜੀ ਅੱਗੇ ਪਹੁੰਚ ਕੇ ਰਸਮੀ ਤੋਰ 'ਤੇ ਧਰਨਾ ਚੁਕਵਾਇਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਚਾਰਜ ਘੁੱਲੀ ਨੇ ਕਿਹਾ ਕਿ ਇੱਕ ਵਿਅਕਤੀ ਵੱਲੋਂ ਬਕਾਇਦਾ ਸਰਵੇਖਣ ਹੋਣ ਦੇ ਬਾਵਜੂਦ ਕਥਿਤ ਮਨਘੜਤ ਕਹਾਣੀ ਘੜ ਕੇ 66 ਕੇਵੀ ਗਰਿੰਡ ਦੇ 21 ਨੰਬਰ ਪੋਲ ਵਿੱਚ ਰੁਕਾਵਟ ਪਾ ਕੇ ਕੰਮ ਰੋਕਣ ਦੀ ਪੂਰੀ ਕੋਸਿਸ ਕੀਤੀ ਗਈ। ਪਰ ਹੁਣ ਉਹ ਕਿਸਾਨਾਂ ਦੇ ਮੁੱਦਈ ਬਣਕੇ ਕਿਸਾਨਾਂ ਦੀ ਲੜਾਈ ਲੜਨਗੇ। ਉਨ੍ਹਾਂ ਕਿਹਾ ਜਦੋਂ ਹੀ ਕਈ ਅਦਾਲਤ ਵੱਲੋਂ ਲਗਾਈ ਸਟੇਟਸ ਕੋ' ਦਾ ਫੈਸਲਾ ਆਉਂਦਾ ਹੈ ਤਾਂ ਉਹ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਣ ਲਈ ਢਿੱਲ ਨਹੀਂ ਆਉਣ ਦੇਣਗੇ। ਇਸ ਮੌਕੇ ਸੁਸਾਇਟੀ ਦੇ ਸਾਬਕਾ ਚੇਅਰਮੈਨ ਅਵਤਾਰ ਸਿੰਘ ਤਾਰੀ ਭੁੱਲਰਹੇੜੀ, ਬੀਕੇਯੂ ਰਾਜੇਵਾਲ ਦੇ ਬਲਾਕ ਪ੍ਰਧਾਨ ਭੁਪਿੰਦਰ ਸਿੰਘ, ਇਕਾਈ ਪ੍ਰਧਾਨ ਜਸਦੇਵ ਸਿੰਘ, ਬੀਕੇਯੂ ਏਕਤਾ ਉਗਰਾਹਾਂ ਦੇ ਇਕਾਈ ਪ੍ਰਧਾਨ ਪਵਿੱਤਰ ਸਿੰਘ ਹਾਜ਼ਰ ਸਨ।

# ਸਰਪੰਚੀ ਦੇ ਉਮੀਦਵਾਰ ਸ਼੍ਰੀਮਤੀ ਰਾਜ ਰਾਣੀ ਨੇ ਵਿਆਹ ਮੌਕੇ ਲੜਕੀ ਨੂੰ ਦਿੱਤਾ 5100 ਦਾ ਸ਼ਗਨ



**ਤਲਵੰਡੀ ਸਾਬੋ, 13 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਪੰਚਾਇਤੀ ਚੋਣਾਂ ਦਾ ਆਖਰੀ ਪੜਾਅ ਚੱਲ ਹੈ ਅਤੇ ਸਰਪੰਚੀ ਪੰਚੀ ਦੀ ਚੋਣ ਲੜ ਰਹੇ ਉਮੀਦਵਾਰ ਜਿੱਥੇ ਆਪਣੇ ਵਾਰਡਾਂ, ਪਿੰਡਾਂ ਵਿਚ ਵੋਟਰਾਂ ਨੂੰ ਅਪੀਲਾਂ ਕਰਕੇ ਜਿੱਤ ਵਾਲ ਵੱਧ ਰਹੇ ਹਨ ਅਤੇ ਕਈ ਥਾਈਂ ਪੰਚਾਂ, ਸਰਪੰਚਾਂ ਨੂੰ ਫਲਾਂ, ਮਿਠਾਈਆਂ ਨਾਲ ਤੋਲਿਆ ਜਾ ਰਿਹਾ ਹੈ ਅਤੇ ਪਿੰਡਾਂ ਦੇ ਵਿਕਾਸ ਲਈ ਅਗਾਊਂ ਫੰਡ ਦੇਣ ਦੇ ਨਾਲ ਨਾਲ ਵਿਆਹਾਂ 'ਚ ਸ਼ਗਨ ਦਿੱਤੇ ਜਾ ਰਹੇ ਹਨ। ਇਸੇ ਦੇ ਚਲਦਿਆਂ ਅੱਜ ਪਿੰਡ ਨਥੇਹਾ ਵਿਖੇ ਰਿਜਰਵ ਸੀਟ 'ਤੇ ਸਰਪੰਚੀ ਦੀ ਚੋਣ ਲੜ ਰਹੇ ਸਰਪੰਚ ਉਮੀਦਵਾਰ ਸ਼੍ਰੀਮਤੀ ਰਾਜ ਰਾਣੀ ਨੇ ਪਿੰਡ ਦੇ ਗਰੀਬ ਪਰਿਵਾਰ ਦੀ ਲੜਕੀ ਦੇ ਵਿਆਹ ਮੌਕੇ ਅਧੋਰਵਡ ਦਿੰਦਿਆਂ 5100/- ਰੁਪਏ ਦਾ ਸ਼ਗਨ ਭੇਂਟ ਕੀਤਾ ਗਿਆ। ਇਸ ਸਬੰਧੀ ਜਿੱਥੇ ਪਰਿਵਾਰ ਨੇ ਸ਼੍ਰੀਮਤੀ ਰਾਜ ਰਾਣੀ ਦਾ ਧੰਨਵਾਦ ਕੀਤਾ ਉਥੇ ਰਾਜ ਰਾਣੀ ਦੇ ਪਤੀ ਸਮਾਜ ਸੇਵੀ ਸੁਖਪਾਲ ਸਿੰਘ ਨੇ ਕਿਹਾ ਕਿ ਨੇ ਬੇਸ਼ਕ ਪਿੰਡ ਵਾਸੀਆਂ ਦਾ ਪੂਰਨ ਸਹਿਯੋਗ ਹੈ ਉਥੇ ਚੋਣ ਮੈਨੀਫੈਸਟੋ ਅੰਤਰਗਤ ਹੀ ਲੜਕੀ ਦੇ ਵਿਆਹ ਮੌਕੇ ਸ਼ਗਨ ਦਿੱਤਾ ਗਿਆ ਹੈ। ਉਹਨਾਂ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਬੇਸ਼ੱਕ ਪਿਛਲੀਆਂ ਪੰਚਾਇਤਾਂ ਨੇ ਪਿੰਡ ਦੇ ਕੰਮ ਕੀਤੇ ਹਨ ਪ੍ਰੰਤੂ ਬਹੁਤ ਕੰਮ ਅਜੇ ਅਧੂਰੇ ਪਏ ਹਨ ਜਿਹਨਾਂ ਵਿੱਚੋਂ ਘਰਾਂ 'ਚ ਪਾਣੀ ਪਹਿਲ ਦੇ ਅਧਾਰ ਤੇ ਪਹੁੰਚਾਉਣ ਦਾ ਤਹੱਈਆ ਕੀਤਾ ਜਾਵੇਗਾ। ਪਿੰਡ ਦੇ ਵਿੱਚ ਸਰਕਾਰੀ ਹਸਪਤਾਲ, ਖੇਡ ਸਟੇਡੀਅਮ ਅਤੇ ਸੀਵਰੇਜ ਸਿਸਟਮ ਨਵੀਂ ਤਕਨੀਕ ਨਾਲ ਬਣਾਇਆ ਜਾਵੇਗਾ ਅਤੇ ਪਿੰਡ ਦਾ ਹਰ ਕੰਮ ਕੀਤਾ ਤੇ ਕਰਵਾਇਆ ਜਾਵੇਗਾ।

# ਬਸੰਤ ਕਾਂਝਲਾ ਨੇ ਚੋਣ ਪ੍ਰਚਾਰ ਕੀਤਾ ਤੇਜ,15 ਨੂੰ ਟਰੈਕਟਰ ਤੇ ਮੋਹਰ ਲਾਉਣ ਦੀ ਕੀਤੀ ਅਪੀਲ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਚ ਅਤੇ ਸਰਪੰਚ ਦੀ ਚੋਣ ਲੜ ਰਹੇ ਉਮੀਦਵਾਰਾਂ ਨੇ ਜਿਉਂ- ਜਿਉਂ ਚੋਣਾਂ ਦਾ ਸਮਾਂ ਨਜਦੀਕ ਆ ਰਿਹਾ ਹੈ ਤਾਂ ਆਪਣੇ ਸਮਰਥਕਾਂ ਨਾਲ ਮਿਲ ਕੇ ਆਪਣੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰ ਦਿੱਤਾ ਹੈ । ਇਸੇ ਹੀ ਤਹਿਤ ਪਿੰਡ ਕਾਂਝਲਾ ਤੋਂ ਸਰਪੰਚੀ ਦੀ ਚੋਣ ਲੜ ਰਹੇ ਬਸੰਤ ਕੁਮਾਰ ਕਾਂਝਲਾ ਨੇ ਚੋਣ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਨਗਰ ਦੇ ਸਹਿਯੋਗ ਦੇ ਨਾਲ ਸਰਪੰਚੀ ਦੀ ਚੋਣ ਲੜ ਰਹੇ ਹਨ ਚੋਣ ਜਿੱਤਣ ਤੋਂ ਬਾਅਦ ਪਿੰਡ ਨੂੰ ਪੂਰੇ ਧੂਰੀ ਬਲਾਕ ਵਿੱਚੋਂ ਇੱਕ ਨਮੂਨੇ ਦਾ ਪਿੰਡ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਚੋਣਾਂ ਤਾਂ ਆਉਂਦੀਆਂ ਜਾਂਦੀਆਂ ਰਹਿਣੀਆਂ ਹਨ ਸਾਨੂੰ ਆਪਸੀ ਪਿਆਰ, ਸਾਂਝ ਨੂੰ ਬਣਾਈ ਰੱਖਣਾ ਬੇਹਦ ਜਰੂਰੀ ਹੈ। ਹਰ ਇੱਕ ਵਿਅਕਤੀ ਨੂੰ ਚੋਣ ਲੜਨ ਦਾ ਪੂਰਾ ਅਧਿਕਾਰ ਹੈ ਤੇ ਲੜਨੀ ਵੀ ਹਾਹੀਦੀ ਹੈ। ਉਹਨਾਂ ਕਿਹਾ ਕਿ ਪਿੰਡ ਦੇ ਮਾਵਾਂ ਭੈਣਾਂ ਬਜ਼ੁਰਗ ਅਤੇ ਨੌਜਵਾਨ ਨੂੰ 15 ਅਕਤੂਬਰ ਨੂੰ ਟਰੈਕਟਰ ਚੋਣ ਨਿਸ਼ਾਨ ਤੇ ਮੋਹਰਾਂ ਲਗਾ ਕੇ ਮੈਨੂੰ ਕਾਮਯਾਬ ਕਰਨਗੇ ਕਿਉਂਕਿ ਪਿੰਡ ਦਾ ਵਿਕਾਸ ਹੀ ਮੇਰਾ ਮੁੱਖ ਮਕਸਦ ਹੈ। ਉਹਨਾਂ ਕਿਹਾ ਸਮੁੱਚਾ ਨਗਰ ਉਹਨਾਂ ਨੂੰ ਇਸ ਵਾਰ ਸੇਵਾ ਦਾ ਮੌਕਾ ਜਰੂਰ ਦੇਵੇਗਾ ਅਤੇ ਮੈਂ ਆਪਣੇ ਪਿੰਡ ਨੂੰ ਨਮੂਨੇ ਦਾ ਪਿੰਡ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗਾ। ਇਸ ਮੌਕੇ ਉਹਨਾਂ ਨਾਲ ਆਪ ਦੇ ਸੀਨੀਅਰ ਆਗੂ ਕਰਮਜੀਤ ਸਿੰਘ ਕਾਂਝਲਾ, ਪਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਸਰਪੰਚ ਅਮਨਦੀਪ ਸਿੰਘ ਕਾਂਝਲਾ ਲਾਲ ਸਿੰਘ, ਦਰਸ਼ਨ ਸਿੰਘ, ਯਮਲਾ ਸਿੰਘ ਨਪਿੰਦਰ ਸਿੰਘ ਕਾਂਝਲਾ ਹਾਜ਼ਰ ਸਨ।

# ਦੁਰਗਾ ਅਸ਼ਟਮੀ ਮੌਕੇ ਮਨਾਇਆ ਜਨਮ ਦਿਨ



**ਚੌਂਕ ਮਹਿਤਾ, 13 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਸੇਵਾਵਾਂ ਦੇ ਰਹੇ ਡਾਕਟਰ ਈਸ਼ਾ ਧਵਨ ਦਾ ਜਨਮ ਦੁਰਗਾ ਅਸ਼ਟਮੀ ਵਾਲੇ ਦਿਨ ਮਨਾਇਆ ਗਿਆ। ਇਸ ਮੌਕੇ ਤੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਸਟੇਟ ਪ੍ਰਧਾਨ ਆਚਾਰੀਆ ਗੁਰੂ ਮੀਤ ਰਾਜਪ੍ਰੋਹਿਤ ਸਕੱਤਰ ਸੰਜੀਵ ਆਨੰਦ ਸੀਨੀਅਰ ਚੀਫ਼ ਫਾਰਮੇਸੀ ਅਫ਼ਸਰ ਜ਼ਿਲ੍ਹਾ ਸਕੱਤਰ ਰਘੂ ਤਲਵਾੜ ਮਨਿਸਟੀਰੀਅਲ ਸਰਵਿਸਿਜ਼ ਦੇ ਜ਼ਿਲ੍ਹਾ ਪ੍ਰਧਾਨ ਸੁਮਿਤ ਸ਼ਰਮਾਂ, ਮੇਟਰਨ ਸ਼੍ਰੀਮਤੀ ਕਵਲਜੀਤ ਕੌਰ ਰੰਧਾਵਾ ਸੀਨੀ ਮੀਤ ਪ੍ਰਧਾਨ, ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਡਾਕਟਰ ਸਵਰਨਜੀਤ ਧਵਨ, ਡਾਕਟਰ ਪ੍ਰੀਤ ਵੀਨ ਕੌਰ, ਸ਼੍ਰੀਮਤੀ ਕਿਰਨਜੀਤ ਕੌਰ ਸਟਾਫ ਨਰਸ ਆਦਿ ਮੌਜੂਦ ਸਨ।

### ਰੰਗ ਕਰਮੀ ਕੈਲਾਸ਼ ਕੌਰ ਦੀਆਂ ਅਸਥੀਆਂ ਹੁਸੈਨੀਵਾਲਾ ਵਿਖੇ ਜਲ ਪ੍ਰਵਾਹ

# ਕਲਮ, ਕਲਾ ਅਤੇ ਲੋਕ ਸੰਗਰਾਮ ਦੇ ਪਰਿਵਾਰ ਵੱਲੋਂ ਸਿਜਦਾ





**ਫਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :—** ਇਨਕਲਾਬੀ ਪੰਜਾਬੀ ਰੰਗ ਮੰਚ ਦੀ ਜਾਣੀ—ਪਹਿਚਾਣੀ ਸ਼ਖ਼ਸੀਅਤ, ਅੰਮ੍ਰਿਤਸਰ ਨਾਟਕ ਕਲਾਂ ਕੇਂਦਰ ਦੀ ਮੋਢੀ ਅਦਾਕਾਰਾ ਅਤੇ ਪੰਜਾਬੀ ਰੰਗਮੰਚ ਦੇ ਵਿਹੜੇ ਦਾ ਕੁੜੀਆਂ ਦੀ ਆਮਦ ਲਈ ਸਪਾਟ ਦੁਆਰ ਖੋਲ੍ਹਣ ਦੀ ਭੂਮਿਕਾ ਅਦਾ ਕਰਨ ਵਾਲ਼ੀ ਸ੍ਰੀਮਤੀ ਕੈਲਾਸ਼ ਕੌਰ ਦੀਆਂ ਅਸਥੀਆਂ ਉਨ੍ਹਾਂ ਦੇ ਵਡੇਰੇ ਪਰਿਵਾਰ ਵੱਲੋਂ ਅੱਜ ਹੁਸੈਨੀਵਾਲਾ ਵਿਖੇ ਮਾਣ ਸਨਮਾਨ ਅਤੇ ਨਾਅਰਿਆਂ ਦੀ ਗੂੰਜ ਨਾਲ਼ ਜਲ ਪ੍ਰਵਾਹ ਕੀਤੀਆਂ ਗਈਆਂ। ਵਡੇਰੇ ਪਰਿਵਾਰ ਦੇ ਕਾਫ਼ਲੇ ਚੰਡੀਗੜ੍ਹ ਸਮੇਤ ਪੰਜਾਬ ਦੇ ਵੱਖ—ਵੱਖ ਥਾਵਾਂ ਤੋਂ ਹੁਸੈਨੀਵਾਲਾ ਸ਼ਹੀਦ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਦੀ ਯਾਦਗਾਰ ਤੇ ਇਕੱਠੇ ਹੋਏ। ਇਸ ਤੋਂ ਪਹਿਲਾਂ ਸ਼ਬਦ ਸੱਭਿਆਚਾਰ ਦੇ ਪਸਾਰ ਲਈ ਯਤਨਸ਼ੀਲ ਸੰਸਥਾ ਕਲਾਪੀਠ (ਰਜਿ:) ਫ਼ਿਰੋਜ਼ਪੁਰ ਦੇ ਅਹੁਦੇਦਾਰਾਂ ਨੇ ਗੁਰਦੁਆਰਾ ਸਾਰਾਗੜ੍ਹੀ ਵਿਖੇ ਮਾਤਾ ਕੈਲਾਸ਼ ਕੌਰ ਦੀਆਂ ਅਸਥੀਆਂ ਅਤੇ ਉਨ੍ਹਾਂ ਨੂੰ ਜਲ ਪ੍ਰਵਾਹ ਕਰਨ ਪੰਜਾਬ ਭਰ ਵਿੱਚੋਂ ਆਏ ਕਾਫ਼ਲਿਆਂ ਨੂੰ ਜੀ ਆਇਆਂ ਨੂੰ ਕਿਹਾ। ਉਨ੍ਹਾਂ ਕਾਫ਼ਲਿਆਂ ਨੇ ਸ਼ਹੀਦਾਂ ਨੂੰ ਸਿਜਦਾ ਕਰਦਿਆਂ ਕਿਹਾ ਕਿ ਅੱਜ ਅਸੀਂ ਉਨ੍ਹਾਂ ਦੀ ਸੋਚ ਦਾ ਚਿਰਾਗ਼ ਰੰਗ ਮੰਚ ਤੇ ਬਲ਼ਦਾ ਰੱਖਣ ਵਾਲ਼ੀ ਸ਼ਖ਼ਸੀਅਤ ਕੈਲਾਸ਼ ਕੌਰ ਨੂੰ ਸਿਜਦਾ ਕਰਦੇ ਹੋਏ ਉਸ ਰੰਗ ਮੰਚ ਦੀ ਰੌਸ਼ਨੀ ਘਰ—ਘਰ ਲਿਜਾਣ ਦਾ ਅਹਿਦ ਕਰਦੇ ਹਾਂ। ਇਸ ਮੌਕੇ ਨਾਟਕਕਾਰ ਕੇਵਲ ਧਾਲੀਵਾਲ ਨੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰੰਗ ਮੰਚ ਦਾ ਵਿਹੜਾ ਇੱਕ ਵਾਰ ਸੱਖਣਾ ਹੋ ਗਿਆ ਜਿਸਨੂੰ ਭਰਨ ਲਈ ਸਾਨੂੰ ਹੌਸਲੇ ਨਾਲ ਸਫ਼ਰ ਜਾਰੀ ਰੱਖਣ ਦੀ ਲੋੜ ਹੈ ਸ੍ਰੀਮਤੀ ਕੈਲਾਸ਼ ਕੌਰ ਦੀ ਧੀ ਅਤੇ ਰੰਗ ਕਰਮੀ ਡਾ: ਅਰੀਤ ਨੇ ਕਿਹਾ ਕਿ ਉਹ ਸਿਰਫ਼ ਸਾਡੀ ਹੀ ਮਾਂ ਨਹੀਂ ਸੀ ਉਹ ਭਾਈ ਲਾਲੋਆਂ ਦੇ ਪਰਿਵਾਰ ਦਾ ਜੀਅ ਸੀ ਜਿਸਨੇ ਸਾਡੇ ਸਮਿਆਂ ਦੇ ਮਲਕ ਭਾਗੋਆਂ ਤੋਂ ਭਾਈ ਲਾਲੋਆਂ ਦੀ ਮੁਕਤੀ ਲਈ ਰੰਗ ਮੰਚ ਵਿਸ਼ੇਸ਼ ਕਰਕੇ ਆਵਾਜ਼ ਉਠਾਈ ਅਤੇ ਗੁਰਸ਼ਰਨ ਭਾਅ ਜੀ ਦੇ ਨਾਲ਼ ਜਮਹੂਰੀ ਲਹਿਰ ਵਿੱਚ ਵੀ ਡਟਕੇ ਸਾਥ ਦਿੱਤਾ। ਨਾਮਵਰ ਕਵੀ ਗੁਰਤੇਜ ਕੋਹਾਰਵਾਲਾ ਨੇ ਖ਼ੂਬਸੂਰਤ ,ਬਾਮੌਕਾ ਅਤੇ ਅਰਥਭਰਪੂਰ ਸ਼ੇਅਰਾਂ ਨਾਲ਼ ਸ਼ਿੰਗਾਰੇ ਬੋਲਾਂ ਨਾਲ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਹਰ ਮੋੜ ਤੇ ਕਲਮ ਅਤੇ ਕਲਾਂ ਨੇ ਲੋਕ ਸਰੋਕਾਰਾਂ ਦੀ ਬਾਤ ਪਾਈ ਹੈ ਇਸ ਕਾਫ਼ਲੇ ਵਿਚ ਸ੍ਰੀਮਤੀ ਕੈਲਾਸ਼ ਕੌਰ ਦਾ ਨਾਮ ਚੰਨ ਸੂਰਜ ਵਾਂਗ ਰੌਸ਼ਨੀ ਵੰਡਦਾ ਰਹੇਗਾ। ਪਰਿਵਾਰ ਦੀ ਤਰਫ਼ੋਂ ਇਸ ਮੌਕੇ ਪਰਿਵਾਰ ਦੇ ਮੈਂਬਰਾਂ ਦੀ ਹੈਸੀਅਤ ਵਿਚ ਹੀ ਜੁੜੇ ਸਮੂਹ ਸਾਹਿਤ ਕਲਾ, ਲੋਕ ਪੱਖੀ ਜਥੇਬੰਦੀਆਂ ਦੇ ਆਗੂਆਂ ਅਤੇ ਕਾਰਕੁਨਾਂ ਦਾ ਧੰਨਵਾਦ ਕਰਦਿਆਂ ਅਮੋਲਕ ਸਿੰਘ ਨੇ ਕਿਹਾ ਕਿ ਸ੍ਰੀਮਤੀ ਕੈਲਾਸ਼ ਕੌਰ ਅਜੇਹੇ ਰੰਗ ਮੰਚ ਦੀ ਸਿਰਮੌਰ ਸਖਸ਼ੀਅਤ ਹੈ ਜਿਸਨੇ ਲੋਕ ਲਹਿਰਾਂ ਦੀ ਫਸਲ ਬੀਜਣ ਅਤੇ ਪਾਲਣ ਵਿਚ ਲਾ ਮਿਸਾਲ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਤਪਦੇ ਮਾਰੂਥਲਾਂ ਦੀ ਸਿਦਕਵਾਨ ਮੁਸਾਫ਼ਿਰ ਨੇ ਧਰਤੀ ਦੀ ਪਿਆਸ ਬੁਝਾਉਣ ਲਈ ਰੰਗਮੰਚ ਦੀ ਬਰਸਾਤ ਕੀਤੀ। ਉਨ੍ਹਾਂ ਕਿਹਾ ਕਿ ਭਵਿੱਖ ਚੁਣੌਤੀਆਂ ਭਰਿਆ ਹੈ ਇਸ ਸਫ਼ਰ ਤੇ ਪਲ—ਪਲ ਉਨ੍ਹਾਂ ਦੀ ਯਾਦ ਆਏਗੀ ਸਾਡੇ ਕਾਫ਼ਲੇ ਦਾ ਪਰਿਵਾਰ ਹਮੇਸ਼ਾ ਉਨ੍ਹਾਂ ਦੇ ਵਿਚਾਰਾਂ ਦੀ ਲੋਅ ਵਿੱਚ ਤੁਰਦਾ ਰਹੇਗਾ। ਇਸ ਉਪਰੰਤ ਹੁਸੈਨੀਵਾਲਾ ਬਾਰਡਰ ਤੇ ਸਤਲੁਜ ਦਰਿਆ ਵਿੱਚ ਅਸਥੀਆਂ ਨੂੰ ਆਕਾਸ਼ ਗੂੰਜਾਊ ਨਾਅਰਿਆਂ ਨਾਲ਼ ਜਲ ਪ੍ਰਵਾਹ ਕੀਤਾ ਗਿਆ। ਇਸ ਮੌਕੇ ਡਾ: ਨਵਸ਼ਰਨ, ਡਾ: ਅਤੁਲ, ਪ੍ਰਿਯਾ ਲੀਨ, ਨੀਲਾਕਸੀ, ਰੋਮਿਲਾ ਸਿੰਘ, ਸਰਦਾਰਾ ਸਿੰਘ ਚੀਮਾ, ਅਨੀਤਾ ਸ਼ਬਦੀਸ਼, ਸੁਭਾਸ਼ ਬਿੱਟੂ ਮਾਨਸਾ, ਸ਼ਬਦੀਸ਼, ਹਰਮੀਤ ਵਿਦਿਆਰਥੀ, ਜੋਰਾ ਸਿੰਘ ਨਸਰਾਲੀ, ਹਰਿੰਦਰ ਬਿੰਦੂ, ਜਸਬੀਰ ਨੱਤ, ਪਾਵੇਲ ਕੁੱਸਾ, ਸੁਦਰਸ਼ਨ ਨੱਤ, ਕੁਲਦੀਪ ਕੌਰ ਕੁੱਸਾ, ਕ੍ਰਿਸ਼ਨ ਦਿਆਲ ਕੁੱਸਾ, ਸੁਖਦੇਵ ਸਿੰਘ ਕੋਕਰੀ ਕਲਾਂ, ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਸੁਮੀਤ ਅੰਮ੍ਰਿਤਸਰ ਅਤੇ ਰੰਗ ਕਰਮੀ ਸਾਜਨ ਕੋਹਿਨੂਰ, ਪ੍ਰੋ: ਕੁਲਦੀਪ, ਸੁਖਜਿੰਦਰ, ਸੁਰਿੰਦਰ ਕੰਬੋਜ, ਡਾ: ਜਗਦੀਪ ਸੰਧੂ ਅਤੇ ਸੁਖਦੇਵ ਭੱਟੀ ਆਦਿ ਸ਼ਖਸ਼ੀਅਤਾਂ ਸ਼ਾਮਲ ਸਨ।

### ਫਿਰੋਜ਼ਪੁਰ ਟਰਾਂਸਪੋਰਟ ਦਫ਼ਤਰ ਵਿੱਚ

# ਨਹੀਂ ਹੋ ਰਿਹਾ ਪਾਰਦਰਸ਼ਤਾ ਤਰੀਕੇ ਨਾਲ ਕੰਮ, ਲੋਕਾਂ ਵਿੱਚ ਭਾਰੀ ਨਿਰਾਸ਼ਾ

ਫਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :— ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਆਮ ਆਦਮੀ ਪਾਰਟੀ ਪੰਜਾਬ ਵਿੱਚ ਦੁਬਾਰਾ ਸਰਕਾਰ ਬਣਾਉਣ ਨੂੰ ਲੈ ਕੇ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ ਕਿ ਲੋਕਾਂ ਦੇ ਮਨਾਂ ਵਿੱਚ ਵਸਿਆ ਜਾ ਸਕੇ, ਪਰ ਕੁਝ ਸਰਕਾਰੀ ਤੰਤਰ ਦਾ ਹਿੱਸਾ ਲੋਕਾਂ ਨੂੰ ਨਿਰਾਸ਼ਾ ਤੋਂ ਵੱਧ ਕੇ ਕੁੱਝ ਪੱਲੇ ਨਹੀਂ ਪਾ ਰਿਹਾ। ਇਸ ਦੀ ਮਿਸਾਲ ਆਰ.ਟੀ.ਉ ਦਫ਼ਤਰ ਫ਼ਿਰੋਜ਼ਪੁਰ ਅਫ਼ਸਰਾਂ ਦੇ ਕੁੱਝ ਗੰਨਮੈਨ ਆਪਣੀ ਮਨਮਰਜ਼ੀ ਕਰਦੇ ਹਨ ਪਾਰਟੀ ਦੇ ਵਰਕਰਾਂ ਦੀ ਅਣਦੇਖੀ ਕਰਕੇ ਸਰਕਾਰ ਪ੍ਰਤੀ ਨਿਰਾਸ਼ਾ ਪੈਦਾ ਕਰ ਰਹੇ ਹਨ ਬਾਕੀ ਪਾਰਟੀਆਂ ਦੇ ਆਗੂਆਂ ਨੂੰ ਪਹਿਲ ਦੇ ਅਧਾਰ ਦਫ਼ਤਰਾਂ ਵਿਚ ਮਾਨ—ਸਨਮਾਨ ਦੇ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਮਨਜੀਤ ਸਿੰਘ ਔਲਖ ਪ੍ਰਧਾਨ ਬੱਸ ਯੂਨੀਅਨ ਫਿਰੋਜ਼ਪੁਰ, ਪਿੱਪਲ ਸਿੰਘ, ਪ੍ਰਗਟ ਸਿੰਘ ਨੇ ਦੱਸਿਆ ਕਿ ਇਸ ਦਫ਼ਤਰ ਵਿੱਚ ਬਹੁਤ ਵੱਡੇ ਪੱਧਰ ਤੇ ਲੱਖਾਂ ਰੁਪਏ ਟੈਕਸਾਂ ਸਬੰਧੀ ਘਪਲੇ ਹੋਏ ਜੋ ਕਿ ਲੱਖਾਂ ਰੁਪਏ ਦੇ ਟੈਕਸਾਂ ਦੇ ਪੈਸੇ ਸਰਕਾਰ ਦੇ ਖਜ਼ਾਨੇ ਵਿਚ ਜਾਣ ਦੀ ਬਜਾਏ ਕਲਰਕ ਦੇ ਅਤੇ ਮਾਲਕਾਂ ਦੀ ਜੇਬਾਂ ਵਿਚ ਚਲੇ ਗਏ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਕਰੋੜਾਂ ਰੁਪਏ ਦਾ ਚੂਨਾ ਲੱਗਾ ਜਿਸ ਦੀ ਕਈ ਅਪਰੇਟਰਾਂ ਨੇ ਉੱਚ ਪੱਧਰੀ ਅਧਿਕਾਰੀਆਂ ਨੂੰ ਲਿਖਤੀ ਜ਼ੁਬਾਨੀ ਸ਼ਿਕਾਇਤਾਂ ਵੀ ਕੀਤੀਆਂ ਪਰ ਕਿਸੇ ਨੇ ਵੀ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ। ਗੱਲਬਾਤ ਕਰਦਿਆਂ ਮਨਜੀਤ ਸਿੰਘ ਔਲਖ ਨੇ ਕਿਹਾ ਕਿ ਇਥੋਂ ਤੱਕ ਕਿ ਕੁੱਝ ਕਲਰਕਾਂ ਨੇ ਲੱਖਾਂ ਰੁਪਏ ਲੈ ਕੇ ਬੱਸਾਂ ਦੇ ਗ਼ਲਤ ਪਰਮਿਟ ਆਪਣੇ ਚਹੇਤਿਆਂ ਨੂੰ ਚੁਕਵਾਏ ਪਰ ਜਦੋਂ ਪਾਰਟੀ ਵਰਕਰ ਉਸੇ ਤਰ੍ਹਾਂ ਦੇ ਪਰਮਿਟ ਦੀ ਮੰਗ ਕਰਦੇ ਸੀ ਤਾਂ ਉਨ੍ਹਾਂ ਨੂੰ ਕਹਿ ਦਿੱਤਾ ਜਾਂਦਾ ਸੀ ਕਿ ਸਰਕਾਰ ਦੇ ਰੂਲਾਂ ਦੇ ਉਲਟ ਹਨ ਜਦੋਂ ਕਲਰਕਾਂ ਨੇ ਆਪਣੀਆ ਜੇਬਾਂ ਭਰਣੀਆ ਤਾਂ ਰੂਲਾ ਨੂੰ ਛਿੱਕੇ ਟੰਗ ਦਿੱਤਾ ਜਾਂਦਾ। ਉਨ੍ਹਾਂ ਕਿਹਾ ਕਿ ਜਦੋਂ ਇਨ੍ਹਾਂ ਪਰਮਿਟਾਂ ਸਬੰਧੀ ਲਾਲਜੀਤ ਸਿੰਘ ਭੁੱਲਰ ਟਰਾਂਸਪੋਰਟ ਮੰਤਰੀ ਪੰਜਾਬ ਸਰਕਾਰ ਦੇ ਧਿਆਨ ਵਿੱਚ ਮਸਲਾ ਲਿਆਂਦਾ ਤਾਂ ਇਨ੍ਹਾਂ ਸਰਕਾਰੀ ਬਾਬੂਆਂ ਨੇ ਆਪਣੀ ਜਾਨ ਬਚਾਉਣ ਲਈ ਮੰਤਰੀ ਸਾਹਬ ਨੂੰ ਵੀ ਗ਼ਲਤ ਤਰੀਕੇ ਨਾਲ ਗਾਈਡ ਕੀਤਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਮੰਤਰੀ ਸਾਹਿਬ ਪਾਰਦਰਸ਼ਤਾ ਤਰੀਕੇ ਨਾਲ ਜਾਂਚ ਕਰਵਾਉਣ ਜ਼ੋ ਵੀ ਬਾਬੂਆਂ ਨੇ ਆਪਣੀਆਂ ਜੇਬਾਂ ਭਰਨ ਲਈ ਗ਼ਲਤ ਕੰਮ ਕੀਤੇ ਉਨ੍ਹਾਂ ਦੀ ਉੱਚ ਪੱਧਰੀ ਅਧਿਕਾਰੀਆਂ ਤੋਂ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਕਿ ਆਮ ਲੋਕਾਂ ਦਾ ਵਿਸ਼ਵਾਸ ਸਰਕਾਰ ਵਿਚ ਪ੍ਰਪੱਕ ਹੋ ਸਕੇ। ਉਨ੍ਹਾਂ ਕਿਹਾ ਕਿ ਵਰਕਰਾਂ ਦੀ ਦਫ਼ਤਰਾਂ ਵਿਚ ਪੁੱਛਗਿੱਛ ਹੋ ਸਕੇ ਸਰਕਾਰ ਬਣਾਉਣ ਲਈ ਵਰਕਰ ਦਾ ਅਹਿਮ ਯੋਗਦਾਨ ਹੁੰਦਾ ਹੈ ਅੱਗੇ ਪ੍ਰਗਟ ਸਿੰਘ ਨੇ ਦੱਸਿਆ ਕਿ ਮੇਰੀਆਂ ਬੱਸਾਂ ਪਿਛਲੇ ਕਈ ਸਾਲਾਂ ਤੋਂ ਘਰ ਖੜੀਆਂ ਹਨ ਜਿਨ੍ਹਾਂ ਦਾਂ ਮੈਂ ਖੜੀਆਂ ਦਾ ਟੈਕਸ ਅਦਾ ਕਰ ਰਿਹਾ ਹੈ, ਜੇ ਮੈਨੂੰ ਇਨਸਾਫ਼ ਨਾ ਮਿਲਿਆ ਤਾਂ ਦਫ਼ਤਰ ਦੇ ਬਾਹਰ ਧਰਨਾ ਵੀ ਲਾਵਾਂਗੇ ਪਿੱਟ ਸਿਆਪਾ ਵੀ ਕਰਾਂਗੇ ਜੇ ਫਿਰ ਵੀ ਕੋਈ ਕਾਰਵਾਈ ਨਾ ਹੋਈ ਤਾਂ ਬੱਸਾਂ ਨੂੰ ਅੱਗ ਲਾ ਕੇ ਸਾੜ ਦਿਆਂਗੇ ਸਰਕਾਰ ਅੱਗੇ ਹੱਥ ਜੋੜ ਕੇ ਘਰ ਚਲੇ ਜਾਵਾਂਗੇ।

# ਫਿਰੋਜ਼ਪੁਰ ਪੁੱਜੇ ਐਡਵੋਕੇਟ ਵਿਜੈ ਧਿਰ ਦਾ ਹੋਇਆ ਗਰਮਜੋਸ਼ੀ ਨਾਲ ਸਵਾਗਤ

### ਖੱਤਰੀਆਂ ਦਾ ਇਕੱਠਾ ਹੋਣਾ ਸਮੇਂ ਦੀ ਅਹਿਮ ਲੋੜ—ਵਿਜੈ ਧਿਰ



ਫਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :— ਖੱਤਰੀ ਭਾਈਚਾਰੇ ਦੇ ਪ੍ਰਚਾਰ—ਪ੍ਰਸਾਰ ਲਈ ਯਤਨਸ਼ੀਲ ਖੱਤਰੀ ਮਹਾਂ ਸਭਾ ਪੰਜਾਬ ਦੇ ਸੁਪਰੀਮੋ ਐਡਵੋਕੇਟ ਵਿਜੇ ਧਿਰ ਅੱਜ ਪੁੱਜੇ ਫਿਰੋਜ਼ਪੁਰ। ਫਿਰੋਜ਼ਪੁਰ ਆਉਣ ਤੇ ਜਿਥੇ ਉਨ੍ਹਾਂ ਆਪਣਾ ਪਰਿਵਾਰਕ ਕਾਰਜ ਨੇਪਰੇ ਚਾੜਿਆ, ਉਥੇ ਖੱਤਰੀ ਮਹਾਂ ਸਭਾ ਪੰਜਾਬ ਵੱਲੋਂ ਕੀਤੇ ਜਾ ਰਹੇ ਕਾਰਜਾਂ ਵਿਚ ਅਹਿਮ ਰੋਲ ਅਦਾ ਕਰਦੀ ਆ ਰਹੀ ਫਿਰੋਜ਼ਪੁਰ ਟੀਮ ਨੂੰ ਮਿਲਣ ਦਾ ਸੱਦਾ ਦਿੱਤਾ। ਪਲ—ਭਰ ਵਿਚ ਮੀਟਿੰਗ ਕਰਨ ਦੇ ਮਿਲੇ ਮੌਕੇ ਨੂੰ ਖਿੜੇ ਮੱਥੇ ਪ੍ਰਵਾਨ ਕਰਦਿਆਂ ਫਿਰੋਜ਼ਪੁਰ ਟੀਮ ਨੇ ਵੱਡੀ ਗਿਣਤੀ ਵਿਚ ਇਕੱਤਰ ਹੋ ਕੇ ਪਾਰਟੀ ਸੁਪਰੀਮੋ ਦਾ ਫਿਰੋਜ਼ਪੁਰ ਪੁੱਜਣ ਤੇ ਜਿਥੇ ਗਰਮਜੋਸ਼ੀ ਨਾਲ ਸਵਾਗਤ ਕੀਤਾ, ਉਥੇ ਖੱਤਰੀ ਭਾਈਚਾਰੇ ਦੀ ਤਰੱਕੀ—ਖੁਸ਼ਹਾਲੀ ਲਈ ਹਰ ਸੰਭਵ ਯਤਨ ਕਰਨ ਦਾ ਵੀ ਭਰੋਸਾ ਦਿੱਤਾ। ਫਿਰੋਜਪੁਰ ਪੁੱਜੇ ਖੱਤਰੀ ਮਹਾਂ ਸਭਾ ਪੰਜਾਬ ਦੇ ਪ੍ਰਧਾਨ ਐਡਵੋਕੇਟ ਵਿਜੈ ਧਿਰ ਨੇ ਜਿਥੇ ਪੰਜਾਬ ਦੇ ਸਕੱਤਰ ਸ੍ਰੀ ਪਵਨ ਭੰਡਾਰੀ ਦੇ ਕਾਰਜਾਂ ਦੀ ਜੰਮ ਕੇ ਸ਼ਲਾਘਾ ਕੀਤੀ, ਉਥੇ ਪੂਰੀ ਟੀਮ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਜੰਮ ਕੇ ਸ਼ਲਾਘਾ ਕੀਤੀ। ਗੱਲਬਾਤ ਕਰਦਿਆਂ ਐਡਵੋਕੇਟ ਧਿਰ ਨੇ ਕਿਹਾ ਕਿ ਸਾਡਾ ਖੱਤਰੀਆਂ ਦਾ ਗੌਰਵਮਈ ਇਤਿਹਾਸ ਹੈ ਅਤੇ ਅੱਜ ਸਾਨੂੰ ਲੋੜ ਹੈ ਕਿ ਅਸੀਂ ਖੱਤਰੀਆਂ ਦੇ ਇਤਿਹਾਸ ਨੂੰ ਇਕ ਵਾਰ ਫਿਰ ਉਜਾਗਰ ਕਰਦੇ ਹੋਏ ਆਪਣੇ ਪੂਰਵਜਾਂ ਦੇ ਦਰਸਾਏ ਮਾਰਗ ਤੇ ਚਲਦਿਆਂ ਬਰਾਦਰੀ ਅਤੇ ਸਮਾਜ ਦੇ ਹਿੱਤ ਵਿਚ ਕਾਰਜ ਕਰੀਏ। ਐਡਵੋਕੇਟ ਵਿਜੈ ਧਿਰ ਨੇ ਸਪੱਸ਼ਟ ਕੀਤਾ ਕਿ ਨੌਜਵਾਨੀ ਨੂੰ ਅੱਗੇ ਲਿਆਉਣ ਦੇ ਲਏ ਨਿਰਣੇ ਤੇ ਖੱਤਰੀ ਅੰਕੁਸ਼ ਭੰਡਾਰੀ ਦੀ ਟੀਮ ਵਧੀਆ ਕਾਰਜ ਕਰਦ ਰਹੀ ਹੈ, ਜਿਸ ਤੇ ਸਾਨੂੰ ਮਾਣ ਹੈ ਅਤੇ ਅਸੀਂ ਚਾਹਾਂਗੇ ਕਿ ਸਮੂਹ ਪੰਜਾਬ ਦੇ ਨੌਜਵਾਨ ਇਸ ਵਿੰਗ ਦਾ ਹਿੱਸਾ ਬਨਣ, ਜ਼ੋ ਸਮੇਂ ਦੀ ਅਹਿਮ ਲੋੜ ਹੈ। ਫਿਰੋਜ਼ਪੁਰ ਪੁੱਜਣ ਤੇ ਐਡਵੋਕੇਟ ਵਿਜੈ ਧਿਰ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਸ੍ਰੀ ਪਵਨ ਭੰਡਾਰੀ ਅਤੇ ਤਰਸੇਮ ਬੇਦੀ ਸਮੇਤ ਫਿਰੋਜ਼ਪੁਰ ਟੀਮ ਨੇ ਸਪੱਸ਼ਟ ਕੀਤਾ ਕਿ ਉਹ ਪੰਜਾਬ ਭਰ ਦੇ ਹਰ ਸਮਾਗਮ ਵਿਚ ਸ਼ਾਮਲ ਹੁੰਦੇ ਆਏ ਹਨ ਅਤੇ ਭਵਿੱਖ ਵਿਚ ਵੀ ਹੁੰਦੇ ਰਹਿਣਗੇ। ਇਸ ਮੌਕੇ ਖੱਤਰੀ ਸੁਰਿੰਦਰ ਬੇਰੀ, ਖੱਤਰੀ ਕੁਲਦੀਪ ਮੈਨੀ, ਖੱਤਰੀ ਪ੍ਰਵੀਨ ਤਲਵਾੜ, ਯੂਥ ਖੱਤਰੀ ਮਹਾਂ ਸਭਾ ਪੰਜਾਬ ਦੇ ਸਪੋਕਸਪਰਸਨ ਗੌਰਵ ਬਹਿਲ, ਅਮਿਤ ਵਧਾਵਨ, ਖੱਤਰੀ ਵਿਨੋਦ ਧਵਨ ਆਦਿ ਹਾਜ਼ਰ ਸਨ।

## ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੀਵਾਲੀ ਤਿਉਹਾਰ ਮਨਾਏਗੀ ਧੂਮ-ਧਾਮ ਨਾਲ

ਫਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫਿਰੋਜ਼ਪੁਰ ਦੀਵਾਲੀ ਦਾ ਤਿਉਹਾਰ ਬੜੀ ਧੂਮ—ਧਾਮ ਨਾਲ ਮਿਤੀ 31 ਨਵੰਬਰ ਨੂੰ ਮਨਾਏਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਆਗੂਆਂ ਨੇ ਦੱਸਿਆ ਕਿ 31 ਨਵੰਬਰ ਸਵੇਰੇ 10 ਵਜੇ ਸਮੂਹ ਆਗੂ ਅੰਧ ਵਿਦਿਆਲਿਆ ਵਿਖੇ ਇਕੱਠੇ ਹੋਣਗੇ, ਜਿਥੇ ਅੰਧ ਵਿਦਿਆਲਿਆ ਦੇ ਬਸਿੰਦਿਆਂ ਨਾਲ ਦੀਵਾਲੀ ਦਾ ਤਿਉਹਾਰ ਮਨਾਇਆ ਜਾਵੇਗਾ। ਗੱਲਬਾਤ ਕਰਦਿਆਂ ਸ੍ਰੀ ਦੀਵਾਨ ਚੰਦ ਸੁਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ ਅਤੇ ਸ੍ਰੀ ਪਰਵੀਨ ਕੁਮਾਰ ਧਵਨ ਜਨਰਲ ਸਕੱਤਰ ਨੇ ਕਿਹਾ ਕਿ ਹਰ ਤਿਉਹਾਰ ਜ਼ਰੂਰਤਮੰਦਾਂ ਅਤੇ ਮਜ਼ਲੂਮਾਂ ਨਾਲ ਮਨਾਉਣਾ ਚਾਹੀਦਾ ਹੈ, ਜਿਸ ਨਾਲ ਉਹ ਅਕਾਲ ਪੁਰਖ ਵੀ ਖੁਸ਼ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਅਕਤੂਬਰ ਮਹੀਨੇ ਵਿਚ ਜਨਮ ਲੈਣ ਵਾਲੇ ਮੈਂਬਰਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।

# ਸੰਤ ਸਿੰਘ ਬਣੇ ਸਰਬਸੰਮਤੀ ਨਾਲ ਪਿੰਡ ਸਰੀਂਹ ਦੇ ਸਰਪੰਚ

### ਨਗਰ ਦੇ ਵਿਕਾਸ ਲਈ ਯਤਨਸ਼ੀਲ ਰਹਾਂਗਾ : ਸਰਪੰਚ ਸੰਤ ਸਿੰਘ



**ਡੇਹਲੋਂ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੇ ਦਿੱਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡਾਂ ਵਿੱਚ ਵੱਡੇ ਪੱਧਰ ਤੇ ਸਰਬਸੰਮਤੀਆ ਹੋ ਰਹੀਆਂ ਹਨ। ਜਿਸ ਦੇ ਤਹਿਤ ਹਲਕਾ ਗਿੱਲ ਦੇ ਅਧੀਨ ਪੈਂਦੇ ਪਿੰਡ ਸ਼ਰੀਂਹ ਦੇ ਸੂਝਵਾਨ, ਪੜੇ ਲਿਖੇ ਅਤੇ ਸਮਾਜ ਸੇਵੀ ਸੰਤ ਸਿੰਘ ਨੂੰ ਸਰਬਸੰਮਤੀ ਨਾਲ ਸਰਪੰਚ ਬਣਾਇਆ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਸੰਤ ਸਿੰਘ ਨੇ ਕਿਹਾ ਕਿ ਮੈਂ ਨਗਰ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਜੋ ਤੁਸੀਂ ਉਮੀਦਾਂ ਲੈਕੇ ਮੈਨੂੰ ਪਿੰਡ ਦਾ ਸਰਬਸੰਮਤੀ ਨਾਲ ਸਰਪੰਚ ਚੁਣਿਆਂ ਹੈ ਮੈਂ ਤੁਹਾਡੀਆਂ ਉਮੀਦਾਂ ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਾਂਗਾਂ ਉਹਨਾਂ ਕਿਹਾ ਕਿ ਪਿੰਡ ਦਾ ਵਿਕਾਸ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ ਜਿਹੜੀਆ ਸਹੂਲਤਾਂ ਪਿੰਡ ਵਿੱਚ ਨਹੀਂ ਹਨ ਸਭ ਤੋਂ ਪਹਿਲਾਂ ਉਹ ਸਹੂਲਤਾਂ ਪਿੰਡ ਲਈ ਮਹੁਈਆ ਕਰਵਾਈਆਂ ਜਾਣਗੀਆਂ। ਇਸ ਮੌਕੇ ਉਹਨਾਂ ਦੇ ਨਾਲ ਜੈਲਦਾਰ ਮਨਪ੍ਰੀਤ ਸਿੰਘ ਲੱਲ ਕਲਾ ਅਤੇ ਸਮਾਜ ਸੇਵੀ ਦਿਲਰਾਜ ਸਿੰਘ ਦੋਰਾਹਾ ਹਾਜ਼ਰ ਸਨ।

ਸਰਪੰਚੀ ਦੀ ਚੋਣ ਵਿਚ ਧੱਕੇਸ਼ਾਹੀ ਕਰਨ ਆਏ ਐਸ.ਐਚ.ਓ ਦਾ ਪਿੰਡ ਝੋਕ ਹਰੀਹਰ ਦੀ ਸੰਗਤ ਨੇ ਕੀਤਾ ਵਿਰੋਧ

# ਅੱਧੀ ਰਾਤ ਨੂੰ ਪਿੰਡ ਵਾਸੀਆਂ ਤੇ ਕੀਤੇ ਤਸ਼ੱਦਦ ਦੇ ਵਿਰੋਧ ਵਿਚ ਪਿੰਡ ਵਾਸੀਆਂ ਰੋਕੀ ਫਿਰੋਜ਼ਪੁਰ-ਮੁਕਤਸਰ ਰੋਡ





**ਫਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :—** ਪੰਚਾਇਤੀ ਚੋਣਾਂ ਦੇ ਚਲਦਿਆਂ ਗਰਮਾਏ ਚੋਣ ਦੰਗਲ ਵਿਚ ਜਿਥੇ ਹਰ ਇਕ ਵੱਲੋਂ ਜਿੱਤਣ ਲਈ ਯਤਨ ਕੀਤੇ ਜਾ ਰਹੇ ਹਨ, ਉਥੇ ਪਿੰਡ ਝੋਕ ਹਰੀਹਰ ਵਿਖੇ ਧੱਕੇਸ਼ਾਹੀ ਕਰਨ ਦੀਆਂ ਅਣਥੱਕ ਕੋਸਿਸ਼ਾਂ ਦੇ ਵਿਰੋਧ ਵਿਚ ਸਮੂਹ ਪਿੰਡ ਵਾਸੀਆਂ ਵੱਲੋਂ ਫਿਰੋਜ਼ਪੁਰ—ਮੁਕਤਸਰ ਰੋਡ ਰੋਕ ਕੇ ਪੁਲਿਸ ਪ੍ਰਸ਼ਾਸਨ ਵਿਰੁੱਧ ਜੰਮ ਕੇ ਰੋਹ ਜ਼ਾਹਿਰ ਕੀਤਾ ਗਿਆ। ਇਸ ਮੌਕੇ ਇਕੱਤਰ ਹੋਏ ਪਿੰਡ ਝੋਕ ਹਰੀਹਰ ਦੇ ਵਾਸੀਆਂ ਨੇ ਬੀਤੀ ਰਾਤ ਪੁਲਿਸ ਵੱਲੋਂ ਕੀਤੇ ਤਸ਼ੱਦਦ ਦੇ ਵਿਰੋਧ ਵਿਚ ਅਣਮਿਥੇ ਸਮੇਂ ਲਈ ਜਾਮ ਲਗਾ ਦਿੱਤਾ ਅਤੇ ਇਕੱਤਰ ਹੋਏ ਪਿੰਡ ਵਾਸੀਆਂ ਵੱਲੋਂ ਐਸ.ਐਚ.ਓ ਥਾਣਾ ਕੁਲਗੜ੍ਹੀ ਦੇ ਕਾਰਜਗੁਜਾਰੀ ਵਿਰੁੱਧ ਜੰਮ ਕੇ ਨਾਅਰੇਬਾਜੀ ਕੀਤੀ ਅਤੇ ਪੁਲਿਸ ਅਧਿਕਾਰੀਆਂ ਵੱਲੋਂ ਮਜ਼ਲੂਮਾਂ ਪਰ ਜੁਲਮ ਢਾਹੁਣ ਤੋਂ ਰੋਕਣ ਲਈ ਉੱਚ ਪੁਲਿਸ ਅਧਿਕਾਰੀਆਂ ਕੋਲ ਗੁਹਾਰ ਲਗਾਈ। ਰੋਹ ਜ਼ਾਹਿਰ ਕਰਦਿਆਂ ਮੁਜ਼ਾਹਰਾਕਾਰੀਆਂ ਨੇ ਕਿਹਾ ਕਿ ਬਦਲਾਅ ਦਾ ਰਾਜ ਲਿਆਉਣ ਦੇ ਦਾਅਵੇ ਕਰਨ ਵਾਲੀ ਆਮ ਆਦਮੀ ਪਾਰਟੀ ਏਨ੍ਹਾ ਕੁ ਗਿਰ ਚੁੱਕੀ ਹੈ ਕਿ ਹੁਣ ਪਿੰਡ ਪੱਧਰ ਦੀ ਸਰਪੰਚੀ ਲਈ ਧੱਕੇਸ਼ਾਹੀ ਕਰਨ ਤੇ ਉਤਾਰੂ ਹੋ ਗਈ ਹੈ ਅਤੇ ਬੀਤੀ ਰਾਤ ਪਿੰਡ ਦੀ ਸਰਪੰਚੀ ਨੂੰ ਲੈ ਕੇ ਆਮ ਆਦਮੀ ਦੇ ਉਮੀਦਵਾਰ ਦੇ ਹੱਕ ਵਿਚ ਨਾ ਚੱਲਣ ਵਾਲਿਆਂ ਪਰ ਤਸ਼ੱਦਦ ਢਾਹੇ ਗਏ ਹਨ, ਜਿਸ ਨੂੰ ਲੈ ਕੇ ਬੀਤੀ ਅੱਧੀ ਰਾਤ ਨੂੰ ਹੀ ਸਮੂਹ ਪਿੰਡ ਵਾਸੀਆਂ ਨੇ ਇਕੱਤਰਤਾ ਕਰਕੇ ਪੁਲਿਸ ਅਧਿਕਾਰੀ ਦਾ ਜੰਮ ਕੇ ਵਿਰੋਧ ਕੀਤਾ ਸੀ। ਉਨ੍ਹਾਂ ਕਿਹਾ ਕਿ ਪਿੰਡ ਵਿਚ ਪੁਲਿਸ ਦੇ ਜ਼ੋਰ ਤੇ ਆਪ ਪਾਰਟੀ ਦੇ ਉਮੀਦਵਾਰ ਵੱਲੋਂ ਜਬਰੀ ਲੋਕਾਂ ਨੂੰ ਵੋਟਾਂ ਪਾਉਣ ਲਈ ਧਮਕਾਇਆ ਜਾ ਰਿਹਾ ਹੈ ਅਤੇ ਸਮਰਥਨ ਨਾ ਕਰਨ ਵਾਲਿਆਂ ਨੂੰ ਬੁਰੀ ਤਰ੍ਹਾਂ ਕੁੱਟਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਔਰਤਾਂ ਦੀ ਵੀ ਬਹੁਤ ਭਾਰੀ ਕੁੱਟਮਾਰ ਕੀਤੀ ਗਈ ਹੈ। ਇਸ ਧਰਨੇ ਵਿਚ ਪਿੰਡ ਝੋਕ ਹਰੀਹਰ ਦੇ ਲੋਕਾਂ ਨੇ ਧਰਨੇ ਦੌਰਾਨ ਇਕੋ ਮੰਗ ਰੱਖੀ ਕਿ ਜਿੰਨੀ ਦੇਰ ਸਰਪੰਚੀ ਦੀ ਚੋਣ ਚੱਲ ਰਹੀ ਹੈ, ਉਨ੍ਹੀ ਦੇਰ ਤੱਕ ਧੱਕੇਸ਼ਾਹੀ ਕਰਨ ਵਾਲਾ ਐਸ.ਐਚ.ਓ ਗੁਰਮੀਤ ਸਿੰਘ ਥਾਣਾ ਕੁਲਗੜ੍ਹੀ ਇਸ ਪਿੰਡ ਵਿਚ ਨਾ ਆਵੇ ਅਤੇ ਬੀਤੀ ਰਾਤ ਪਿੰਡ ਦੇ ਮਜ਼ਲੂਮਾਂ ਨਾਲ ਧੱਕੇਸ਼ਾਹੀ ਕਰਨ ਦੇ ਦੋਸ਼ਾਂ ਤਹਿਤ ਤੁਰੰਤ ਕਾਨੂੰਨੀ ਕਾਰਵਾਈ ਕਰਦੇ ਹੋਏ ਪਰਚਾ ਦਰਜ ਕੀਤਾ ਜਾਵੇ। ਇਸ ਮੌਕੇ ਪਿੰਡ ਝੋਕ ਹਰੀਹਰ ਦੇ ਸਰਪੰਚੀ ਦੀ ਚੋਣ ਲੜ ਰਹੀ ਬੀਬਾ ਮਨਜੀਤ ਕੌਰ ਪਤਨੀ ਜ਼ਸਵਿੰਦਰ ਸਿੰਘ ਸੀਨੀਅਰ ਪਤਰਕਾਰ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਵਿਰੋਧੀ ਧਿਰ ਹੋਸ਼ੇ ਹੱਥਕੰਡਿਆਂ ਤੇ ਉਤਾਰੂ ਹੋ ਚੁੱਕੀ ਹੈ ਅਤੇ ਪੁਲਿਸ ਨੂੰ ਬੁਲਾ ਕੇ ਸਾਡੇ ਪਿੰਡ ਦੇ ਲੋਕਾਂ ਪਰ ਤਸ਼ੱਦਦ ਕਰਕੇ ਵੋਟਾਂ ਨੂੰ ਡਰਾਉਣ ਚਾਹ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਸਹਿਣ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਲ੍ਹਾ ਪੁਲਿਸ ਪ੍ਰਸ਼ਾਸਨ ਤੋਂ ਅਸੀਂ ਮੰਗ ਕਰਦੇ ਹਾਂ ਕਿ ਥਾਣਾ ਕੁਲਗੜ੍ਹੀ ਦੇ ਐਸ.ਐਚ.ਓ ਗੁਰਮੀਤ ਸਿੰਘ ਦੇ ਬਰਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ, ਜੇਕਰ ਇਸ ਨੂੰ ਇਥੋਂ ਨਾ ਬਦਲਿਆ ਤਾਂ ਹਾਲਾਤ ਖਰਾਬ ਹੋ ਸਕਦੇ ਹਨ, ਜਿਸ ਦੀ ਸਾਰੀ ਜਿੰਮੇਵਾਰੀ ਜਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ। ਦਸਣਯੋਗ ਹੈ ਕਿ ਪੁਲਿਸ ਦਾ ਕੰਮ ਲੋਕਾਂ ਨੂੰ ਸੁਰੱਖਿਆ ਮੁਹਇਆ ਕਰਵਾਉਣਾ ਹੈ ਤਾਂ ਜ਼ੋ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀ ਘਟਨਾ ਨਾ ਵਾਪਰੇ, ਪਰ ਹਲਕਾ ਫਿਰੋਜ਼ਪੁਰ ਦਿਹਾਤੀ ਅਧੀਨ ਆਉਂਦੇ ਥਾਨਾ ਕੁਲਗੜ੍ਹੀ ਦੀ ਪੁਲਿਸ ਖੁਦ ਮਾਹੌਲ ਨੂੰ ਖਰਾਬ ਕਰਨ ਵਿਚ ਅਹਿਮ ਯੋਗਦਾਨ ਪਾ ਰਹੀ ਹੈ ਜਿਸ ਦੀ ਮਿਸਾਲ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਪਿੰਡ ਝੋਕ ਹਰੀ ਹਰ ਤੋਂ ਵੇਖਣ ਨੂੰ ਮਿਲੀ, ਜਿਥੇ ਬੀਤੀ ਰਾਤ ਕਰੀਬ 10 ਵਜੇ ਥਾਨਾ ਕੁਲਗੜ੍ਹੀ ਦੇ ਇੰਚਾਰਜ ਗੁਰਮੀਤ ਸਿੰਘ ਵੱਲੋਂ ਭਗਵਾਨ ਵਾਲਮੀਕ ਜੀ ਦੇ ਦਿਹਾੜੇ ਦੀ ਤਿਆਰੀ ਕਰ ਰਹੇ ਨੌਜਵਾਨਾਂ ਨੂੰ ਬਿਨ੍ਹਾਂ ਕੋਈ ਗੱਲ ਕੀਤੇ ਮਾਰਨਾ ਕੁੱਟਣਾ ਸ਼ੁਰੂ ਕਰ ਦਿਤਾ, ਜਦੋਂ ਕੋਈ ਉਕਤ ਪੁਲਿਸ ਅਧਿਕਾਰੀ ਨਾਲ ਗੱਲ ਕਰਨ ਦੀ ਕੋਸਿਸ਼ ਕਰਦਾ ਤਾਂ ਉਸ ਨੂੰ ਵੀ ਲਾਠੀਆਂ ਦਾ ਸਿਕਾਰ ਹੋਣਾ ਪਿਆ। ਗੱਲਬਾਤ ਕਰਦਿਆਂ ਪੀੜਤਾਂ ਨੇ ਦੱਸਿਆ ਕਿ ਪੁਲਿਸ ਦੀ ਗੁੰਡਾਗਰਦੀ ਤੋਂ ਦੁਖੀ ਹੋ ਕੇ ਅੱਜ ਫਿਰੋਜ਼ਪੁਰ—ਮੁਕਤਸਰ ਰੋਡ ਤੇ ਫਿਰੋਜ਼ਪੁਰ ਫੀਡਰ ਤੇ ਧਰਨਾ ਲਾਉਣਾ ਪਿਆ ਹੈ। ਪਿੰਡ ਵਾਸੀਆਂ ਦੇ 7 ਘੰਟੇ ਚੱਲੇ ਧਰਨੇ ਨੂੰ ਸ਼ਾਂਤ ਕਰਨ ਲਈ ਦਿਹਾਤੀ ਡੀ.ਐਸ.ਪੀ ਕਰਨ ਸ਼ਰਮਾ, ਥਾਣਾ ਸਿਟੀ ਦੇ ਐਸ.ਐਚ.ਓ ਹਰਿੰਦਰ ਸਿੰਘ ਸਮੇਤ ਵੱਡੀ ਤਦਾਦ ਪੁਲਿਸ ਪਾਰਟੀਆਂ ਪੁੱਜੀਆਂ, ਪਰ ਧਰਨਾ ਚਕਵਾਉਣ ਤੋਂ ਨਾਕਾਮ ਰਹੇ। ਇਸ ਸਬੰਧੀ ਸੀਨੀਅਰ ਕਪਤਾਨ ਪੁਲਿਸ ਸੋਮੀਆ ਮਿਸ਼ਰਾ ਨਾਲ ਗੱਲਬਾਤ ਕਰਨ ਦੀ ਕੋਸਿਸ਼ ਕੀਤੀ, ਪਰ ਉਨ੍ਹਾਂ ਦਾ ਸੰਪਰਕ ਨਹੀਂ ਹੋ ਸਕਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਐਸ. ਐਚ. ਓ. ਦੇ ਵਿਰੁੱਧ ਕਾਰਵਾਈ ਲਈ ਡਟੇ ਪਿੰਡ ਵਾਸੀ

# ਪੁਰਾਣੀ ਰੰਜਿਸ਼ ਕਾਰਨ ਗਹਿਣਾ ਕਾਰੋਬਾਰੀ ਗੰਭੀਰ ਜ਼ਖ਼ਮੀ



ਚੌਕ ਮਹਿਤਾ, 13 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) : ਪੁਰਾਣੀ ਰੰਜਿਸ਼ ਦੇ ਚੱਲਦਿਆਂ ਇਕ ਜੌਹਰੀ ਅਤੇ ਉਸਦੇ ਪਰਿਵਾਰਕ ਮੈਂਬਰਾਂ ਤੇ ਹਥੌੜੇ ਨਾਲ ਹਮਲਾ ਕਰਕੇ ਉਸ ਨੂੰ ਗੰਭੀਰ ਜ਼ਖਮੀ ਕਰ ਦਿੱਤਾ ਅਤੇ ਉਨ੍ਹਾਂ ਪੁਲਿਸ ਕਮਿਸ਼ਨਰ ਤੋਂ ਕਥਿਤ ਦੋਸ਼ੀਆਂ ਖਿਲਾਫ਼ ਕਾਰਵਾਈ ਦੀ ਮੰਗ ਕੀਤੀ, ਮਿਲੀ ਜਾਣਕਾਰੀ ਅਨੁਸਾਰ ਬੋਰੀਆਵਾਲਾ ਬਾਜ਼ਾਰ ਦੇ ਦਵਿੰਦਰ ਕੁਮਾਰ 'ਤੇ ਪੁਰਾਣੀ ਰੰਜਿਸ਼ ਕਾਰਨ ਕੁਝ ਅਖੌਤੀ ਲੋਕਾਂ ਨੇ ਹਮਲਾ ਕਰ ਦਿੱਤਾ ਅਤੇ ਜਦੋਂ ਦਵਿੰਦਰ ਕੁਮਾਰ ਦੇ ਪੁੱਤਰ ਅੰਕਿਤ ਨੇ ਅੱਗੇ ਆ ਕੇ ਪਰਿਵਾਰ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਤਾਂ ਇਕ ਨੌਜਵਾਨ ਨੇ ਉਸ ਦੇ ਸਿਰ 'ਤੇ ਹਥੌੜੇ ਨਾਲ ਵਾਰ ਕਰ ਦਿੱਤਾ ਅਤੇ ਗੰਭੀਰ ਰੂਪ 'ਚ ਜ਼ਖਮੀ ਕਰ ਦਿੱਤਾ। ਉਸ ਨੂੰ ਜ਼ਖਮੀ ਕਰ ਦਿੱਤਾ। ਅੰਕਿਤ ਨੂੰ ਲਹੂ-ਲੁਹਾਨ ਦੇਖ ਕੇ ਹਮਲਾਵਰ ਉਥੋਂ ਭੱਜ ਗਏ। ਅੰਕਿਤ ਨੂੰ ਇਲਾਜ ਲਈ ਗੁਰੂ ਨਾਨਕ ਦੇਵ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਪੀੜਤ ਪਰਿਵਾਰ ਨੇ ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਤੋਂ ਇਨ੍ਹਾਂ ਦੋਸ਼ੀਆਂ ਖ਼ਿਲਾਫ਼ ਕੇਸ ਦਰਜ ਕਰਕੇ ਇਨਸਾਫ਼ ਦੀ ਮੰਗ ਕੀਤੀ ਹੈ। ਕਵਿਤਾ ਨੇ ਦੱਸਿਆ ਕਿ ਇਲਾਕੇ ਦੇ ਰਹਿਣ ਵਾਲੇ ਕਿਸ਼ਨ ਲਾਲ ਦੀ ਉਸ ਦੇ ਪਰਿਵਾਰ ਨਾਲ ਰੰਜਿਸ਼ ਚੱਲ ਰਹੀ ਹੈ। ਉਸ ਦੇ ਪਰਿਵਾਰ ਨੂੰ ਕਿਸ਼ਨ ਵੱਲੋਂ ਪਹਿਲਾਂ ਹੀ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਚੁੱਕੀਆਂ ਹਨ। ਸ਼ੁੱਕਰਵਾਰ ਰਾਤ ਨੂੰ ਪੂਰਾ ਪਰਿਵਾਰ ਘਰ 'ਚ ਖਾਣਾ ਖਾਣ ਲੱਗਾ। ਇਸ ਦੌਰਾਨ ਕਿਸ਼ਨ ਆਪਣੇ 15-20 ਦੋਸਤਾਂ ਨਾਲ ਉਨ੍ਹਾਂ ਦੇ ਘਰ ਹੇਠਾਂ ਆ ਗਿਆ ਅਤੇ ਗਾਲ੍ਹਾਂ ਕੱਢਣ ਲੱਗ ਪਿਆ। ਜਦੋਂ ਉਸ ਨੇ ਬਾਜ਼ਾਰ ਜਾ ਕੇ ਉਨ੍ਹਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਤਾਂ ਨਜ਼ਦੀਕੀ ਕਬਾੜ ਦੀ ਦੁਕਾਨ ਤੋਂ ਇਕ ਨੌਜਵਾਨ ਨੇ ਹਥੌੜਾ ਚੁੱਕ ਕੇ ਉਸ ਦੇ ਲੜਕੇ ਅੰਕਿਤ ਦੇ ਸਿਰ 'ਤੇ ਮਾਰਿਆ ਅਤੇ ਉਸ ਦੇ ਲੜਕੇ ਨੂੰ ਗੰਭੀਰ ਜ਼ਖਮੀ ਕਰ ਦਿੱਤਾ। ਪੁਲਿਸ ਨੂੰ ਬੁਲਾਉਣ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਦੇ ਬਿਆਨ ਦਰਜ ਕੀਤੇ ਅਤੇ ਉਨ੍ਹਾਂ ਦੇ ਪੁੱਤਰ ਨੂੰ ਹਸਪਤਾਲ ਵਿੱਖੇ ਦਾਖਲ ਕਰਵਾ ਦਿੱਤਾ ਇਸ ਸੰਬਧੀ ਜਦੋਂ ਦੂਜੀ ਧਿਰ ਕਿਸ਼ਨ ਲਾਲ ਨਾਲ ਗੱਲਬਾਤ ਕਰਨੀ ਚਾਹੀ ਤਾਂ ਓਹਨਾਂ ਫੋਨ ਨਹੀਂ ਚੁੱਕਿਆ।

# ਦੁਸਹਿਰੇ ਦੇ ਖੁਸ਼ੀ ਵਿੱਚ ਸਾਲਾਨਾ ਤਰੱਕੀ ਲਈ ਕਰਮਚਾਰੀਆਂ ਵਲੋਂ ਡਾ. ਵਿਜੇ ਸਤਬੀਰ ਸਿੰਘ ਦਾ ਕੀਤਾ ਧੰਨਵਾਦ



**ਚੌਕ ਮਹਿਤਾ, 13 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਬੋਰਡ ਦੇ ਕਰਮਚਾਰੀਆਂ ਨੇ ਦੁਸਹਿਰੇ ਮਹੱਲੇ ਨਮਿਤ ਆਈ ਸਮੁੱਚੀ ਸਾਧ-ਸੰਗਤ, ਦਲ- ਪੰਥ, ਜੱਥੇਬੰਦੀਆਂ ਲਈ ਲੋੜਵੰਦ ਸਮੁੱਚਾ ਪ੍ਰਬੰਧ ਵੱਧ-ਚੜ ਕੇ ਕੀਤਾ ਸੰਗਤਾਂ ਨੂੰ ਕਿਸੇ ਪ੍ਰਕਾਰ ਦੇ ਸ਼ਿਕਾਅਤ 'ਦਾ ਮੌਕਾ ਨਹੀਂ ਦਿੱਤਾ ਉਨਾਂ ਨੂੰ ਹਰ ਤਰੀਕੇ ਦੀ ਸਮੇਂ ਅਨੁਸਾਰ ਸਹੂਲੀਅਤ ਪ੍ਰਦਾਨ ਕੀਤੀ ਇਸ ਖੁਸ਼ੀ ਵਿੱਚ ਅਤੇ ਦੁਸਹਿਰੇ ਮਹੱਲੇ ਦੇ ਖੁਸ਼ੀ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਸ਼ਾਸਕ- ਡਾ.ਸ. ਵਿਜੇ ਸਤਬੀਰ ਸਿੰਘ ਜੀ ਇਨਾਂ ਨੇ ਕਰਮਚਾਰੀਆਂ ਦੇ ਸਾਲਾਨਾ ਵਾਧੇ (ਤਰੱਕੀ ) ਨੂੰ ਪ੍ਰਵਾਨ ਕਰ ਰਿਲੀਜ ਕਰਨ ਦੀ ਮਨਜੂਰੀ ਦਿੱਤੀ ਜਿਸ ਲਈ ਗੁਰਦੁਆਰਾ ਬੋਰਡ ਦੇ ਸਮੂੰਹ ਅਧਿਕਾਰੀ ਅਤੇ ਕਰਮਚਾਰੀਆਂ ਵੱਲੋਂ ਖੁਸ਼ੀ ਦਾ ਇਜਹਾਰ ਕਰਦੇ ਹੋਏ ਮਾਨਯੋਗ ਡਾ.ਸ.ਵਿਜੇ ਸਤਬੀਰ ਸਿੰਘ ਜੀ ਪ੍ਰਸ਼ਾਸਕ ਸਾਹਿਬ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਵਧਾਈ ਦਿੱਤੀ ਗਈ ਤੇ ਨਾਲ ਹੀ ਸ੍ਰ: ਜਸਵੰਤ ਸਿੰਘ ਜੀ ਬੱਬੀ ਇਨਾਂ ਦਾ ਵੀ ਸ਼ੁਕਰਾਨਾ ਅਦਾ ਕੀਤਾ ਗਿਆ ਇਸ ਖੁਸ਼ੀ ਵਿੱਚ ਕਰਮਚਾਰੀਆਂ ਵੱਲੋਂ ਵਿਸ਼ਵਾਸ ਦਿੱਤਾ ਗਿਆ ਕਿ ਦੁਸਹਿਰੇ ਵਾਂਗ ਦੀਪਮਾਲਾ ਅਤੇ ਹੋਰ ਸਮਾਗਮਾਂ ਵਿੱਚ ਵੀ ਸੰਗਤਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ ਜਿਸ ਕਰਕੇ ਸੰਗਤਾਂ ਨੂੰ ਕੋਈ ਤਕਲੀਫ ਨਾ ਹੋਵੇ ਇਸ ਦਾ ਖਾਸ ਧਿਆਨ ਕਰਮਚਾਰੀਆਂ ਵੱਲੋਂ ਰੱਖਿਆ ਜਾਵੇਗਾ।

# ਸਵ.ਹਰਿੰਦਰਪਾਲ ਸਿੰਘ ਨਾਰੰਗ ਨੂੰ ਵੱਖ-ਵੱਖ ਆਗੂਆਂ ਵੱਲੋਂ ਦਿੱਤੀ ਗਈ ਸ਼ਰਧਾਂਜਲੀ



**ਚੌਕ ਮਹਿਤਾ, 13 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਛੇਹਰਟਾ ਦੇ ਉਘੇ ਸਮਾਜ ਸੇਵਕ ਅਤੇ ਮਾਤਾ ਗੁਜ਼ਰੀ ਜੀ ਵੈਲਫੇਅਰ ਸੋਸਾਇਟੀ ਦੇ ਮੁੱਖ ਸੇਵਾਦਾਰ ਸਵ.ਹਰਿੰਦਰਪਾਲ ਸਿੰਘ ਨਾਰੰਗ ਜਿੰਨ੍ਹਾਂ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਬਾਬਾ ਦਰਸ਼ਨ ਸਿੰਘ ਕਾਲੇ ਘਨੂੰਪੁਰ ਵਿਖੇ ਆਯੋਜਿਤ ਕੀਤਾ ਗਿਆ।ਇਸ ਮੌਕੇ ਵੱਡੀ ਸੰਖਿਆ ਵਿੱਚ ਵੱਖ-ਵੱਖ ਰਾਜਨੀਤਿਕ,ਸਮਾਜਿਕ-ਧਾਰਮਿਕ ਸ਼ਖਸ਼ੀਅਤਾਂ ਨੇ ਭਾਗ ਲੈ ਕੇ ਸਵ.ਨਾਰੰਗ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਸਵ.ਨਾਰੰਗ ਇੱਕ ਸੱਚੇ ਸੁੱਚੇ ਪ੍ਰਮਾਤਮਾ ਨੂੰ ਮੰਨਣ ਵਾਲੇ ਨੇਕ ਦਿਲ ਅਤੇ ਸੱਚੇ ਸਮਾਜ ਸੇਵਕ ਸਨ,ਜਿਹੜੇ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਲਈ ਹਮੇਸ਼ਾਂ ਤੱਤਪਰ ਰਹਿੰਦੇ ਸਨ।ਇਸ ਮੌਕੇ ਸ.ਨਾਰੰਗ ਦੀ ਧਰਮਪਤਨੀ ਬੀਬੀ ਜਤਿੰਦਰ ਕੌਰ,ਬੇਟਾ ਕਰਨਦੀਪ ਸਿੰਘ ਨਾਰੰਗ,ਬੇਟੀ ਸਨਪ੍ਰੀਤ ਕੌਰ,ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ,ਬਾਬਾ ਗੁਰਦੇਵ ਸਿੰਘ ਜੀ ਕੁੱਲ੍ਹੀ ਵਾਲੇ,ਜ਼ਿਲ੍ਹਾ ਅਕਾਲੀ ਜਥੇ ਦੇ ਪ੍ਰਧਾਨ ਸੁਰਜੀਤ ਸਿੰਘ ਪਹਿਲਵਾਨ,ਸੀਨੀਅਰ 'ਆਪ' ਆਗੂ ਜਥੇ.ਦਿਲਬਾਗ ਸਿੰਘ ਵੰਡਾਲੀ, ਮੰਗਵਿੰਦਰ ਸਿੰਘ ਖਾਪੜਖੇੜੀ,ਤਰਸੇਮ ਸਿੰਘ ਚੰਗਿਆੜਾ,ਅਰਵੀਨ ਭਕਨਾ,ਸਤੀਸ਼ ਬੱਲੂ,ਕ੍ਰਿਸ਼ਨਾ ਦੇਵਗਨ,ਅਰਵਿੰਦ ਸ਼ਰਮਾ,ਅਵਿਨਾਸ਼ ਸ਼ੈਲਾ,ਸੀਨੀਅਰ ਪੱਤਰਕਾਰ ਕੰਵਲਜੀਤ ਸਿੰਘ ਵਾਲੀਆ,ਸਰਬਜੀਤ ਸਿੰਘ ਹੈਰੀ,ਪ੍ਰਧਾਨ ਬਲਵੰਤ ਸਿੰਘ,ਸਵਿੰਦਰ ਸਿੰਘ,ਪ੍ਰਿੰਸੀਪਲ ਹਰਮੀਤ ਸਿੰਘ, ਡਾ.ਅਰੋੜਾ,ਡਾ.ਜੈਕਮਲ ਸਿੰਘ,ਡਾ.ਸਰਬਜੀਤ ਸਿੰਘ ਰਿਆੜ,ਬਾਊ ਰਾਜੀਵ ਗੁਪਤਾ,ਡਾ.ਹਰੀਸ਼ ਸ਼ਰਮਾ,ਰਮਨ ਕੁਮਾਰ ਛੇਹਰਟਾ,ਗੁਰਮੀਤ ਸਿੰਘ ਬੌਬੀ,ਜੋਗਿੰਦਰ ਸਿੰਘ ਲੋਹੇ ਵਾਲੇ,ਸ਼ਮਸ਼ੇਰ ਸਿੰਘ,ਹਰਦੇਵ ਸਿੰਘ ਠੇਕੇਦਾਰ,ਵਰਿੰਦਰ ਸਿੰਘ ਮਿੱਟੂ,ਬਿਕਰਮਜੀਤ ਸਿੰਘ,ਗੁਰਜੀਤ ਸਿੰਘ ਸੋਖੀ,ਮੇਜ਼ਰ ਸਿੰਘ,ਸ਼ਾਂਈ ਨਵਾਬ ਸ਼ਾਹ,ਪ੍ਰਧਾਨ ਜਸਬੀਰ ਸਿੰਘ ਅਰੋੜਾ,ਦੀਪਕ ਸੂਰੀ,ਡਾ.ਕੁਨਾਲ ਵਿਸ਼ਾਲ,ਕਸ਼ਮੀਰ ਸਿੰਘ ਸਹੋਤਾ,ਕੈਪਟਨ ਗੁਰਮੀਤ ਸਿੰਘ ਮਲਹੋਤਰਾ,ਅਵਤਾਰ ਸਿੰਘ ਜ਼ਿਊਲਰਜ,ਡਾ.ਵਰਿੰਦਰ ਸ਼ਰਮਾ,'ਆਪ' ਮੁੱਖਵਿੰਦਰ ਸਿੰਘ ਵਿਰਦੀ,ਵਰੁਣ ਰਾਣਾ,ਜਿਲ੍ਹਾਂ ਇੰਚਾਰਜ ਹਰਪਾਲ ਸਿੰਘ ਭੰਗੂ,ਤਰਲੋਚਨ ਸਿੰਘ ਘਈ,ਚੇਅਰਮੈਨ ਹਰਪਾਲ ਸਿੰਘ ਢਿਲੋਂ,ਪ੍ਰਧਾਨ ਰਵੀ ਸ਼ਰਮਾ,ਰਵੀ ਪਠਾਨੀਆ (ਰਾਸ਼ਾ ਯੂ.ਕੇ),ਪ੍ਰਿੰਸੀਪਲ ਐਚ.ਐਸ ਪਠਾਨੀਆਂ, ਬਨਦੀਪ ਸਿੰਘ,ਗੁਰਜੀਤ ਸਿੰਘ,ਸਰਬਜੀਤ ਸਿੰਘ,ਏ.ਐਸ.ਆਈ ਨਰਿੰਦਰ ਸਿੰਘ,ਬਖਸ਼ਿੰਦਰ ਸਿੰਘ ਬਿੱਲਾ,ਮਲਕੀਅਤ ਸਿੰਘ,ਭੁਪਿੰਦਰ ਸਿੰਘ,ਇਕਬਾਲ ਸਿੰਘ,ਅਜੇ ਕੁਮਾਰ ਗਾਰਮੈਂਟ,ਡਾ.ਦਲਜੀਤ ਸਿੰਘ,ਕੁਲਦੀਪ ਸਿੰਘ,ਪ੍ਰਤਾਪ ਸਿੰਘ,ਮਾਸਟਰ ਪਰਮਜੀਤ ਸਿੰਘ,ਮਾਸਟਰ ਸੁਖਪਾਲ ਸਿੰਘ,ਰਜੇਸ਼ ਕੁਮਾਰ ਆਦਿ ਸ਼ਖਸ਼ੀਅਤਾਂ ਨੇ ਭਾਗ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਆਧ ਖੇਤਰ ਦਾ ਵਿਲੱਖਣ ਤਿਓਹਾਰ "ਗੜਬੜਾ" : ਮਾਸਟਰ ਸਤੀਸ਼ ਵਿਦਰੋਹੀ

## ਮੇਰਾ ਗੜਬੜਾ ਗਲੀ ਓਂ ਗਲੀ ਮੰਗਦਾ ਤੇਲ ਦੀ ਪਲੀ ਓਂ ਪਲੀ






ਭਾਰਤ ਤਿਉਹਾਰਾਂ ਦਾ ਦੇਸ਼ ਹੈ ਅਤੇ ਪੰਜਾਬ ਸਭ ਤੋਂ ਵੱਧ ਤਿਉਹਾਰ ਮਨਾਉਣ ਵਾਲਾ ਪ੍ਰਦੇਸ਼ ਹੈ ।ਪੰਜਾਬ ਸੂਰਵੀਰਾਂ, ਦਾਨੀਆਂ, ਭਗਤਾਂ ਅਤੇ ਪੀਰਾਂ,ਫਕੀਰਾਂ ਦੀ ਧਰਤੀ ਹੈ। ਇਸ ਕਰਕੇ ਇਥੇ ਰੋਜ਼ਾਨਾ ਕੋਈ ਨਾ ਕੋਈ ਤਿਉਹਾਰ ਮਨਾਇਆ ਹੀ ਜਾਂਦਾ ਹੈ। ਅੱਸੂ ਦੀ ਪੂਰਨਮਾਸ਼ੀ ਨੂੰ ਪੁਆਧ ਖੇਤਰ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਵਿਲੱਖਣ ਤਿਉਹਾਰ ਮਨਾਇਆ ਜਾਂਦਾ ਹੈ ਜਿਸ ਦਾ ਨਾਮ ਹੈ "ਗੜਬੜੇ।" ਇਹ ਤਿਉਹਾਰ ਵੀ ਦੀਵਾਲੀ ਵਾਂਗ ਰੋਸ਼ਨੀਆਂ ਦਾ ਤਿਉਹਾਰ ਹੈ ।ਪੰਜਾਬ ਦੇ ਖਾਸਕਰ ਪੇਂਡੂ ਖੇਤਰ ਵਿੱਚ ਇਹ ਤਿਉਹਾਰ ਬਹੁਤ ਹੀ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ ।ਇਸ ਤਿਉਹਾਰ ਦਾ ਸਬੰਧ ਜਿੱਥੇ ਭਗਵਾਨ ਵਾਲਮੀਕ ਦੇ ਆਗਮਨ ਦਿਵਸ ਨਾਲ ਜੁੜਿਆ ਹੋਇਆ ਹੈ ਉੱਥੇ ਹੀ ਇਸ ਦਾ ਇਤਿਹਾਸ ਜੀਰੀ ਦੀ ਫਸਲ ਪੱਕਣ ਨਾਲ ਵੀ ਹੈ। ਕਿਸਾਨੀ ਵਹਿੜੇ ਵਿੱਚ ਜਦੋਂ ਇਹ ਫਸਲ ਵੱਡਾ ਬੋਹਲ਼ ਲ਼ਾ ਕੇ ਮੱਧਵਰਗੀ ਪਰਿਵਾਰ ਵਿੱਚ ਅੰਤਾਂ ਦੀ ਖੂਸ਼ੀ ਵਿਖੇਰਦੀ ਹੈ ਤਾਂ ਸਮੁੱਚਾ ਆਲ਼ਾ ਦੁਆਲਾ ਝੂਮ ਉਠਦਾ ਹੈ। ਇਸ ਦਿਨ ਕਬੀਲਦਾਰੀ ਸਰਮਾਏਦਾਰੀ, ਅਪਸਦਾਰੀ ਸਭ ਇੱਕ ਦੂਜੇ ਨੂੰ ਗਲਵੱਕੜੀ ਪਾ ਲੈਂਦੇ ਹਨ। ਬੱਚੇ ਇਸ ਦਿਨ ਵਧੇਰੇ ਖੁਸ਼ ਹੁੰਦੇ ਹਨ। ਉਹ ਸ਼ਾਮ ਨੂੰ ਮਿੱਟੀ ਦੇ ਬਣੇ ਕੁੱਜੇ ਜਿਨ੍ਹਾਂ ਨੂੰ ਗੜਬੜੇ ਕਹਿੰਦੇ ਹਨ ਜਗਾ ਕੇ ਘਰ ਘਰ ਪੈਸੇ, ਅਨਾਜ,ਮਿਠਾਈਆਂ ਅਤੇ ਤੇਲ ਮੰਗਦੇ ਹਨ। ਦੇਰ ਰਾਤ ਤੱਕ ਉੱਚੀ ਉੱਚੀ ਇਹ ਗੀਤ ਗਾਉਂਦੇ ਹਨ,ਮੇਰਾ ਗੜਬੜਾ ਗਲ਼ੀਓ ਗਲ਼ੀ ਮੰਗਦਾ ਤੇਲ ਦੀ ਪਲ਼ੀਓ ਪਲ਼ੀ ।ਮੇਰਾ ਗੜਬੜਾ ਜਮਾ ਨਾ ਸੰਗਦਾ ਮੇਰਾ ਗੜਬੜਾ ਦੁੱਧ ਚੌਲ ਮੰਗਦਾ। ਕੁੱਝ ਲੋਕ ਬੱਚਿਆਂ ਦੇ ਗੜਬੜੇ ਵਿੱਚ ਪੈਸੇ ਪਾਉਂਦੇ ਕੋਈ ਤੇਲ ਪਾ ਕੇ ਈ ਸਾਰ ਦੇਂਦਾ । ਮਤਾਵਾਂ ਬੱਚਿਆਂ ਲਈ ਮੱਧਵਰਗੀ ਅਤੇ ਗਰੀਬਾਂ ਦਾ ਭੋਜਨ ਦਾਲ ਚੋਲ ਪ੍ਰੋਸਦੀਆਂ। ਬੱਚਿਆਂ ਦੀ ਟੋਲੀ ਓਹਨਾ ਦੇ ਘਰ ਖਾਸ ਤੌਰ ਤੇ ਜਾਂਦੀ ਜਿਨ੍ਹਾਂ ਦੇ ਘਰ ਕੋਈ ਖੁਸ਼ੀ ਭਾਵ ਵਿਆਹ ਸ਼ਾਦੀ ਜਾਂ ਬੱਚੇ ਦਾ ਜਨਮ ਹੋਇਆ ਹੋਵੇ ।ਕਈ ਵਾਰ ਬੱਚੇ ਜਿੱਦ ਕਰਕੇ ਜਿਆਦਾਂ ਪੈਸੇ ਮੰਗਦੇ ਅਤੇ ਹੁੜਦੰਗ ਮਚਾਉਦੇ ਮਜਬੂਰਨ ਉਸ ਘਰ ਨੂੰ ਬੱਚਿਆਂ ਦੀ ਜਿੱਦ ਅੱਗੇ ਝੁਕਣਾ ਪੈਂਦਾ ।ਬੱਚੇ ਆਪਸ ਵਿੱਚ ਪੈਸੇ ਵੰਡਦੇ ਅਤੇ ਸਭ ਦੀ ਖੈਰ ਮੰਗਦੇ ਘਰਾਂ ਨੂੰ ਪਰਤ ਜਾਂਦੇ।ਇਹ ਤਿਉਹਾਰ ਕਿਰਤੀ ਵਰਗ ਲਈ ਖਾਸ ਕਰਕੇ ਹੱਥੀਂ ਮਿੱਟੀ ਦੇ ਭਾਂਡੇ ਬਣਾਉਣ ਵਾਲ਼ੇ ਵਰਗ ਲਈ ਵਰਦਾਨ ਹੈ ।ਮਿੱਟੀ ਦੇ ਭਾਂਡੇ ਵੇਚ ਕੇ ਜਿੱਥੇ ਉਹਨਾਂ ਦੀ ਜੀਵਿਕਾ ਚਲਦੀ ਹੈ ਉੱਥੇ ਹੀ ਇਸ ਨਾਲ ਸਾਡੀ ਸੱਭਿਅਤਾ, ਸੰਸਕਾਰ ਅਤੇ ਧਾਰਮਿਕ ਰੀਤੀ ਰਿਵਾਜ ਵੀ ਜਿਉਂਦੇ ਰਹਿੰਦੇ ਹਨ ।ਆਓ ਰਲ ਮਿਲ ਅਜਿਹੇ ਤਿਉਹਾਰ ਮਨਾ ਕੇ ਸਾਂਝੀਵਾਲਤਾ ਦਾ ਸਬੂਤ ਪੇਸ਼ ਕਰਦੇ ਹੋਏ ਨਵੀ ਪੀੜੀ ਨੂੰ ਵੀ ਸਾਡੇ ਅਮੀਰ ਵਿਰਸੇ ਦੀ ਸੌਗਾਤ ਦਈਏ।

**-ਪਰਗਟ ਸਿੰਘ ਬਲਬੇੜਾ, 9022000070**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245312/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 14 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੯ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243















ਦਮਦਮੀ ਟਕਸਾਲ ਦੇ ਪ੍ਰਸਿੱਧ ਕੀਰਤਨੀਏ ਭਾਈ ਰਣਜੀਤ ਸਿੰਘ ਸੰਗੋਜਲਾ ਬੀਬੀ ਗੁਰਪਿੰਦਰ ਕੌਰ ਦੀ ਪੋਤਰੀ ਬੱਚੀ ਜਿੰਦ ਕੌਰ ਸਪੁੱਤਰੀ ਭਾਈ ਸੁਖਦੀਪ ਸਿੰਘ ਬੀਬੀ ਜਸਦੀਪ ਕੌਰ ਦਾ ਉਨਾਂ ਦੇ ਗ੍ਰਹਿ ਨਿਊਯਾਰਕ ਯੂਐਸਏ ਵਿਖੇ ਜਨਮ ਸੰਸਕਾਰ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243